SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 223 | Thursday, 5 December 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

MagGas Medical
Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

# ਦੱਖਣੀ ਓਟਵਾ ਵਿੱਚ ਸਕੂਲ ਬਸ ਅਤੇ ਵਾਹਨ ਦੀ ਹੋਈ ਟੱਕਰ, ਇੱਕ ਟੀਨੇਜ਼ਰ ਅਤੇ 4 ਬਾਲਗ ਜ਼ਖ਼ਮੀ

ਓਟਵਾ, 4 ਦਸੰਬਰ (ਪੋਸਟ ਬਿਊਰੋ): ਓਟਵਾ ਪੈਰਾਮੇਡਿਕਸ ਦਾ ਕਹਿਣਾ ਹੈ ਕਿ ਦੱਖਣੀ ਓਟਵਾ ਵਿੱਚ ਇੱਕ ਸਕੂਲ ਬਸ ਅਤੇ ਵੈਨ ਵਿਚਕਾਰ ਟੱਕਰ ਵਿੱਚ ਪੰਜ ਲੋਕ ਜ਼ਖ਼ਮੀ ਹੋ ਗਏ। ਦੁਰਘਟਨਾ ਮੰਗਲਵਾਰ ਦੁਪਹਿਰ ਕਰੀਬ 2:50 ਵਜੇ ਬੈਂਕ ਸਟਰੀਟ ਅਤੇ ਲੇਸਟਰ ਰੋਡ ਦੇ ਇਲਾਕੇ ਵਿੱਚ ਹੋਈ।



ਪੈਰਾਮੇਡਿਕ ਬੁਲਾਰੇ ਮਾਰਕ-ਏਂਟੋਨੀ ਡੇਸਚੈਂਪਸ ਨੇ ਦੱਸਿਆ ਕਿ ਦੁਰਘਟਨਾ ਵਿੱਚ ਇੱਕ ਟੀਨੇਜ਼ਰ ਅਤੇ ਚਾਰ ਬਾਲਗ ਜ਼ਖ਼ਮੀ ਹੋ ਗਏ। ਟੀਨੇਜ਼ਰ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਤਿੰਨ ਬਾਲਗਾਂ ਦੀ ਹਾਲਤ ਸਥਿਰ ਹੈ ਅਤੇ ਇੱਕ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ।

ਓਟਵਾ ਪੁਲਿਸ ਕਈ ਘੰਟਿਆਂ ਤੱਕ ਘਟਨਾ ਸਥਾਨ 'ਤੇ ਰਹੀ। ਬੈਂਕ ਸਟਰੀਟ ਨੂੰ ਕਵੀਂਸਡੇਲ ਏਵੇਨਿਊ ਅਤੇ ਪਾਰਕ ਲੇਨ ਵਿਚਕਾਰ ਬੰਦ ਕਰ ਦਿੱਤਾ ਗਿਆ ਅਤੇ ਲੇਸਟਰ ਰੋਡ ਅਤੇ ਡੇਵਿਡਸਨ ਰੋਡ ਨੂੰ ਡਿਅਰਬਾਰਨ ਪ੍ਰਾਈਵੇਟ ਅਤੇ ਕਾਨਰਾਏ ਰੋਡ ਵਿਚਕਾਰ ਬੰਦ ਕਰ ਦਿੱਤਾ ਗਿਆ। ਸ਼ਾਮ ਕਰੀਬ 7:30 ਵਜੇ ਸਭ ਕੁੱਝ ਫਿਰ ਤੋਂ ਖੁੱਲ੍ਹ ਗਿਆ।

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

## ਏਟੀਵੀ ਪਲਟਣ ਕਾਰਨ 70 ਸਾਲਾ ਵਿਅਕਤੀ ਦੀ ਮੌਤ



ਓਟਵਾ, 4 ਦਸੰਬਰ (ਪੋਸਟ ਬਿਊਰੋ): ਸੋਮਵਾਰ ਦੁਪਹਿਰ ਅਲਮੋਂਟੇ ਦੇ ਨਜ਼ਦੀਕ ਏਟੀਵੀ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ।

ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮ 5 ਵਜੇ ਦੇ ਕਰੀਬ ਓਟਵਾ ਦੇ ਪੱਛਮ ਵਿੱਚ ਮਿਸੀਸਿਪੀ ਮਿਲਜ਼ ਸ਼ਹਿਰ ਦੇ ਕਲੇਟਨ ਰੋਡ 'ਤੇ ਬੁਲਾਇਆ ਗਿਆ ਸੀ। ਅਧਿਕਾਰੀਆਂ ਨੇ ਪਾਇਆ ਕਿ ਏਟੀਵੀ ਸੜਕ 'ਤੇ ਪਲਟ ਗਈ ਸੀ। ਪੈਰਾਮੇਡਿਕਸ ਨੇ ਵਿਅਕਤੀ ਨੂੰ ਦੇ ਹਸਪਤਾਲ ਪਹੁੰਚਾਇਆ।

ਪੁਲਿਸ ਨੇ ਬੁੱਧਵਾਰ ਨੂੰ ਦੱਸਿਆ ਕਿ ਉਸ ਦੀਆਂ ਚੋਟਾਂ ਕਾਰਨ ਮੌਤ ਹੋ ਗਈ। ਪੀੜਤ ਦੀ ਪਹਿਚਾਣ ਇਲਾਕੇ ਦੇ 70 ਸਾਲਾ ਵਿਅਕਤੀ ਦੇ ਰੂਪ ਵਿੱਚ ਹੋਈ ਹੈ। ਪੁਲਿਸ ਵੱਲੋਂ ਜਾਂਚ ਜਾਰੀ ਹੈ।

## ਪੋਲੈਂਡ 'ਚ ਦੋ ਕੈਨੇਡੀਅਨ ਨਾਗਰਿਕਾਂ ਦੀ ਮੌਤ ਦੀ ਪੁਸ਼ਟੀ



ਵੈਨਕੂਵਰ, 4 ਦਸੰਬਰ (ਪੋਸਟ ਬਿਊਰੋ): ਇਕ ਖਬਰ ਸਾਹਮਣੇ ਆਈ ਹੈ ਕਿ ਪੋਲੈਂਡ ਵਿੱਚ ਇੱਕ ਘਟਨਾ ਤੋਂ ਬਾਅਦ ਦੋ ਕੈਨੇਡੀਅਨ ਨਾਗਰਿਕਾਂ ਦੀ ਮੌਤ ਹੋ ਗਈ ਹੈ।

ਗਲੋਬਲ ਅਫੇਅਰਜ਼ ਕੈਨੇਡਾ ਨੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਨੂੰ ਮੌਤਾਂ ਦੀ ਜਾਣਕਾਰੀ ਹੈ ਅਤੇ ਕਾਊਂਸਲਰ ਅਧਿਕਾਰੀ ਹੋਰ ਜਾਣਕਾਰੀ ਜੁਟਾਉਣ ਲਈ ਸਥਾਨਕ ਅਧਿਕਾਰੀਆਂ ਦੇ ਸੰਪਰਕ ਵਿੱਚ ਹਨ। ਗੋਪਨੀਅਤਾ ਕਾਰਨ ਅੱਗੇ ਦੀ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

ਪੋਲੈਂਡ ਵਿੱਚ ਕਈ ਮੀਡੀਆ ਰਿਪੋਰਟਾਂਅਨੁਸਾਰ ਇੱਕ 23 ਸਾਲ ਦਾ ਵਿਅਕਤੀ ਨੂੰ ਘਰੇਲੂ ਝਗੜੇ ਤੋਂ ਬਾਅਦ ਕਰਾਕੋਵ ਦੇ ਇੱਕ ਪੁਲਿਸ ਸਟੇਸ਼ਨ ਲਿਜਾਇਆ ਗਿਆ, ਜਦੋਂਕਿ ਉਸਦੇ ਜ਼ਖ਼ਮੀ 24 ਸਾਲਾ ਸਾਥੀ ਨੂੰ ਹਸਪਤਾਲ ਲਿਜਾਇਆ ਗਿਆ। ਇੱਕ ਔਰਤ ਨੇ ਸੱਟਾਂ ਕਾਰਨ ਦਮ ਤੋੜ ਦਿੱਤਾ। ਬੁੱਧਵਾਰ ਦੀ ਸਵੇਰ ਪੁਲਿਸ ਸਟੇਸ਼ਨ ਵਿੱਚ ਪੁੱਛਗਿਛ ਦੌਰਾਨ, ਹੱਥਕੜੀ ਲੱਗੇ ਹੋਏ ਵਿਅਕਤੀ ਨੇ ਇੱਕ ਅਧਿਕਾਰੀ ਦੀ ਬੰਦੂਕ ਖੋਹ ਲਈ ਅਤੇ ਆਪਣੀ ਜਾਨ ਲੈ ਲਈ।

ਪੋਲਸ਼ ਮੀਡੀਆ ਆਊਟਲੇਟ ਫੈਕਟ ਨੇ ਲਿਖਿਆ ਕਿ ਅਪਾਰਟਮੈਂਟ ਬਿਲਡਿੰਗ ਵਿੱਚ ਕਈ ਵਿਦੇਸ਼ੀ ਰਹਿੰਦੇ ਹਨ ਅਤੇ ਮਾਰੀ ਗਈ ਲੜਕੀ ਕੈਨੇਡਾ ਦੀ ਸੀ ਅਤੇ ਉਸਦਾ ਸਾਥੀ ਅੰਗਰੇਜ਼ ਜਾਂ ਕੈਨੇਡਅੀਨ ਸੀ।

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

## ਪ੍ਰੀਮੀਅਰ ਡੱਗ ਫੋਰਡ ਨੇ ਡੋਨਾਲਡ ਟਰੰਪ ਨੂੰ ਮਜ਼ਾਕੀਆ ਆਦਮੀ ਕਿਹਾ

ਟੋਰਾਂਟੋ, 4 ਦਸੰਬਰ (ਪੋਸਟ ਬਿਊਰੋ): ਓਂਟਾਰੀਓ ਪ੍ਰੀਮੀਅਰ ਡੱਗ ਫੋਰਡ ਨੇ ਬੁੱਧਵਾਰ ਨੂੰ ਫਾਕਸ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਅਮਰੀਕਾ ਦੇ ਨਵੇਂ ਚੁਣੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਮਜ਼ਾਕੀਆ ਆਦਮੀ ਕਿਹਾ, ਕਿਉਂਕਿ ਉਨ੍ਹਾਂ ਨੇ ਕਿਹਾ ਸੀ ਕਿ ਕੈਨੇਡਾ ਨੂੰ ਸੰਯੁਕਤ ਰਾਜ ਅਮਰੀਕਾ ਦਾ 51ਵਾਂ ਰਾਜ ਬਣਨਾ ਚਾਹੀਦਾ ਹੈ।

ਪ੍ਰੀਮੀਅਰ ਨੇ ਫਾਕਸ ਨਿਊਜ਼ ਦੇ ਹੋਸਟ ਨੀਲ ਕੈਵੁਟੋ ਨਾਲ ਗੱਲ ਕੀਤੀ ਅਤੇ ਆਉਣ ਵਾਲੇ ਰਾਸ਼ਟਰਪਤੀ ਦੀ ਯੋਜਨਾ 'ਤੇ ਚਰਚਾ ਕੀਤੀ, ਜਿਸ ਵਿੱਚ ਕੈਨੇਡਾ ਅਤੇ ਮੈਕਸੀਕੋ 'ਤੇ 25 ਫ਼ੀਸਦੀ ਟੈਰਿਫ ਲਗਾਉਣ ਦੀ ਗੱਲ ਕਹੀ ਗਈ ਹੈ, ਜਦੋਂ ਤੱਕ ਕਿ ਦੋਵੇਂ ਦੇਸ਼ ਅਮਰੀਕਾ ਵਿੱਚ ਗ਼ੈਰਕਾਨੂੰਨੀ ਡਰਗਜ਼ ਅਤੇ ਪ੍ਰਵਾਸੀਆਂ ਦੇ ਪ੍ਰਵਾਹ ਨੂੰ ਰੋਕ ਨਹੀਂ ਦਿੰਦੇ। ਇਸਦੇ ਨਾਲ ਹੀ ਪਿਛਲੇ ਸ਼ੁੱਕਰਵਾਰ ਨੂੰ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਮਾਰ-ਏ-ਲਾਗੋ ਦੀ ਅਚਾਨਕ ਯਾਤਰਾ ਬਾਰੇ ਵੀ ਚਰਚਾ ਕੀਤੀ।

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਹਾਈਵੇ 417 ’ਤੇ ਗੱਡੀ ਚਲਾਂਦੇ ਸਮੇਂ ਪੋਰਨ ਵੇਖਣ ਵਾਲੇ ਡਰਾਈਵਰ ਨੂੰ ਕੀਤਾ ਜੁਰਮਾਨਾ

ਓਟਵਾ, 4 ਦਸੰਬਰ (ਪੋਸਟ ਬਿਊਰੋ): ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ ਨੇ ਕਿਹਾ ਕਿ ਇੱਕ ਡਰਾਈਵਰ ਨੂੰ ਗੱਡੀ ਚਲਾਉਂਦੇ ਸਮੇਂ ਪੋਰਨੋਗਰਾਫਿਕ ਫਿਲਮ ਵੇਖਦੇ ਹੋਏ ਫੜ੍ਹੇ ਜਾਣ ’ਤੇ 615 ਡਾਲਰ ਦਾ ਜੁਰਮਾਨਾ ਅਤੇ ਤਿੰਨ ਡਿਮੇਰਿਟ ਪੁਆਇੰਟ ਦਿੱਤੇ ਗਏ ਹਨ।

ਪੁਲਿਸ ਨੇ ਦੱਸਿਆ ਕਿ ਡਰਾਈਵਰ ਨੂੰ ਸੋਮਵਾਰ ਨੂੰ ਓਟਵਾ ਵਿੱਚ ਹਾਈਵੇ 417 ’ਤੇ ਰੋਕਿਆ ਗਿਆ। ਪੁਲਿਸ ਨੇ ਕਿਹਾ ਕਿ ਡਰਾਈਵਿੰਗ ਲਈ ਤੁਹਾਡਾ ਪੂਰਾ ਧਿਆਨ ਚਾਹੀਦਾ ਹੈ। ਫੋਨ ਨੂੰ ਛੱਡ ਦਿਓ, ਘਰ ਪਹੁੰਚਣ ਤੱਕ ਉਡੀਕ ਕਰੋ।

ਐਕਸ ’ਤੇ ਇੱਕ ਪੋਸਟ ਵਿੱਚ ਪੁਲਿਸ ਨੇ ਇੱਕ ਫੋਨ ਵੱਲ ਇਸ਼ਾਰਾ




ਕੀਤਾ ਜੋ ਇੱਕ ਵਾਹਨ ਵਿਚ ਰੱਖਿਆ ਹੋਇਆ ਸੀ। ਇਸ ਤਰ੍ਹਾਂ ਕਰਨਾ ਜਾਨਲੇਵਾ ਹੋ ਸਕਦਾ ਹੈ। ਓਪੀਪੀ ਨੇ ਅਕਤੂਬਰ ਵਿਚ ਕਿਹਾ ਕਿ ਗਸ਼ਤ ਵਾਲੀਆਂ ਸੜਕਾਂ ’ਤੇ ਦੁਰਘਟਨਾਵਾਂ ਵਿੱਚ 63 ਲੋਕਾਂ ਦੀ ਮੌਤ ਹੋ ਗਈ ਹੈ, ਜਿੱਥੇ ਧਿਆਨ ਭਟਕਾਊ ਗੱਡੀ ਚਲਾਉਣਾ ਮੁੱਖ ਕਾਰਨ ਮੰਨਿਆ ਗਿਆ ਸੀ, ਜੋ 2023 ਵਿੱਚ ਇਸ ਸਮੇਂ ਦੀ ਤੁਲਣਾ ਵਿੱਚ 40 ਫ਼ੀਸਦੀ ਜ਼ਿਆਦਾ ਹੈ।

# ਈਰਾਨ ਦੀ ਜੇਲ੍ਹ ’ਚ ਬੰਦ ਹਿਜਾਬ ਖਿਲਾਫ ਬੋਲਣ ਵਾਲੀ ਨੋਬਲ ਪੁਰਸਕਾਰ ਜੇਤੂ ਨਰਗਿਸ ਮੁਹੰਮਦੀ ਨੂੰ ਮਿਲੀ ਜ਼ਮਾਨਤ

ਤਹਿਰਾਨ, 4 ਦਸੰਬਰ (ਪੋਸਟ ਬਿਊਰੋ): ਈਰਾਨ ਦੀ ਜੇਲ੍ਹ 'ਚ ਬੰਦ ਨੋਬਲ ਪੁਰਸਕਾਰ ਜੇਤੂ ਮਹਿਲਾ ਅਧਿਕਾਰ ਕਾਰਕੁਨ ਅਤੇ ਪੱਤਰਕਾਰ ਨਰਗਿਸ ਮੁਹੰਮਦੀ ਨੂੰ 3 ਹਫਤਿਆਂ ਲਈ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਹੈ। ਨਰਗਿਸ ਨਵੰਬਰ 2021 ਤੋਂ ਜੇਲ੍ਹ ਵਿੱਚ ਹਨ। ਉਨ੍ਹਾਂ ਨੂੰ ਇਰਾਨ ਦੀ ਸਰਕਾਰ ਨੇ ਮੌਤ ਦੀ ਸਜ਼ਾ ਅਤੇ ਹਿਜਾਬ ਵਿਰੁੱਧ ਮੁਹਿੰਮ ਚਲਾਉਣ ਲਈ ਗ੍ਰਿਫ਼ਤਾਰ ਕੀਤਾ ਸੀ।

ਨਰਗਿਸ ਨੂੰ ਔਰਤਾਂ ਦੀ ਆਜ਼ਾਦੀ ਅਤੇ ਉਨ੍ਹਾਂ ਦੇ ਅਧਿਕਾਰਾਂ ਲਈ ਆਵਾਜ਼ ਉਠਾਉਣ ਲਈ 2023 ਵਿੱਚ ਨੋਬਲ ਸ਼ਾਂਤੀ ਪੁਰਸਕਾਰ ਦਿੱਤਾ ਗਿਆ ਸੀ। ਨਰਗਿਸ ਦੀ ਰਿਹਾਈ ਦੀ ਜਾਣਕਾਰੀ ਉਨ੍ਹਾਂ ਦੇ ਵਕੀਲ ਮੁਸਤਫਾ ਨੀਲੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਪੋਸਟ ਕੀਤੀ ਹੈ।

ਪੋਸਟ 'ਚ ਦੱਸਿਆ ਗਿਆ ਹੈ ਕਿ ਡਾਕਟਰਾਂ ਦੀ ਸਲਾਹ 'ਤੇ ਸਰਕਾਰ ਨੇ ਨਰਗਿਸ ਦੀ ਸਜ਼ਾ 3 ਹਫਤਿਆਂ ਲਈ ਮੁਅੱਤਲ ਕਰ ਦਿੱਤੀ ਹੈ। ਉਨ੍ਹਾਂ ਨੂੰ ਵੀ ਰਿਹਾਅ ਕਰ ਦਿੱਤਾ ਗਿਆ ਹੈ। ਨਰਗਿਸ ਦੇ ਪਰਿਵਾਰ ਅਤੇ ਸਮਰਥਕਾਂ ਨੇ ਮਹਿਜ਼ 3 ਹਫ਼ਤਿਆਂ ਦੀ ਰਿਹਾਈ 'ਤੇ ਨਾਰਾਜ਼ਗੀ ਜਤਾਈ ਹੈ। ਨਰਗਿਸ ਦੇ ਪਰਿਵਾਰ ਨੇ ਘੱਟੋ-ਘੱਟ 3 ਮਹੀਨਿਆਂ ਲਈ ਰਿਹਾਈ ਦੀ



ਮੰਗ ਕੀਤੀ ਹੈ।

52 ਸਾਲਾ ਨਰਗਿਸ ਈਰਾਨ ਦੀ ਇਵਾਨ ਜੇਲ੍ਹ ਵਿੱਚ ਕੈਦ ਸੀ। ਉਸ ਨੂੰ 31 ਸਾਲ ਦੀ ਕੈਦ ਅਤੇ 154 ਕੋੜਿਆਂ ਦੀ ਸਜ਼ਾ ਸੁਣਾਈ ਗਈ ਸੀ। 2023 ਵਿੱਚ, ਨਰਗਿਸ ਦੇ ਪਰਿਵਾਰਕ ਮੈਂਬਰ ਉਸਨੂੰ ਨੋਬਲ ਪੁਰਸਕਾਰ ਲੈਣ ਲਈ ਨਾਰਵੇ ਦੀ ਰਾਜਧਾਨੀ ਓਸਲੋ ਆਏ ਸਨ। ਇਸ ਤੋਂ ਬਾਅਦ ਈਰਾਨ ਸਰਕਾਰ ਨੇ ਨਰਗਿਸ ਨੂੰ 15 ਮਹੀਨਿਆਂ ਦੀ ਵਾਧੂ ਸਜ਼ਾ ਸੁਣਾਈ।

ਨਰਗਿਸ ਦਾ ਜਨਮ 21 ਅਪ੍ਰੈਲ 1972 ਨੂੰ ਕੁਰਦਿਸਤਾਨ, ਈਰਾਨ ਦੇ ਜ਼ੰਜਾਨ ਸ਼ਹਿਰ ਵਿੱਚ ਹੋਇਆ ਸੀ। ਉਨ੍ਹਾਂ ਨੇ ਭੌਤਿਕ ਵਿਗਿਆਨ ਦੀ ਪੜ੍ਹਾਈ ਕੀਤੀ। ਆਪਣੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ, ਉਨ੍ਹਾਂ ਨੇ ਇੱਕ ਇੰਜੀਨੀਅਰ ਵਜੋਂ ਕੰਮ ਕੀਤਾ। ਉਹ ਇੱਕ ਕਾਲਮਨਵੀਸ ਵੀ ਸਨ। ਕਈ ਅਖਬਾਰਾਂ ਲਈ ਲਿਖਦੇ ਸਨ। ਨਰਗਿਸ 1990 ਦੇ ਦਹਾਕੇ ਤੋਂ ਔਰਤਾਂ ਦੇ ਅਧਿਕਾਰਾਂ ਲਈ ਆਪਣੀ ਆਵਾਜ਼ ਬੁਲੰਦ ਕਰ ਰਹੀ ਸੀ।

2003 ਵਿੱਚ ਉਨ੍ਹਾਂ ਨੇ ਤਹਿਰਾਨ ਵਿੱਚ ਮਨੁੱਖੀ ਅਧਿਕਾਰਾਂ ਦੇ ਬਚਾਅ ਕੇਂਦਰ ਵਿੱਚ ਕੰਮ ਕਰਨਾ ਸ਼ੁਰੂ ਕੀਤਾ। ਨੋਬਲ ਪੁਰਸਕਾਰ ਦੀ ਵੈੱਬਸਾਈਟ ਮੁਤਾਬਕ ਨਰਗਿਸ ਮੁਹੰਮਦੀ ਨੂੰ ਪਹਿਲੀ ਵਾਰ 2011 'ਚ ਜੇਲ 'ਚ ਬੰਦ ਕਾਰਕੁਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਮਦਦ ਕਰਨ ਦੀ ਕੋਸ਼ਿਸ਼ ਕਰਨ 'ਤੇ ਜੇਲ੍ਹ ਭੇਜਿਆ ਗਿਆ ਸੀ।

**ਬੰਗਲਾਦੇਸ਼ ’ਚ ਹਿੰਦੂ ਭਾਈਚਾਰੇ ’ਤੇ ਹੋ ਰਹੇ ਹਮਲਿਆਂ ਦਾ ਮੁੱਦਾ ਬ੍ਰਿਟਿਸ਼ ਸੰਸਦ ਵਿਚ ਵੀ ਪਹੁੰਚਿਆ**

## ਬ੍ਰਿਟਿਸ਼ ਸੰਸਦ ਮੈਂਬਰ ਨੇ ਕਿਹਾ- ਬੰਗਲਾਦੇਸ਼ ’ਚ ਹਿੰਦੂਆਂ ਦਾ ਸਫਾਇਆ ਕਰਨ ਦੀ ਕੋਸ਼ਿਸ਼

ਢਾਕਾ, 4 ਦਸੰਬਰ (ਪੋਸਟ ਬਿਊਰੋ): ਬ੍ਰਿਟੇਨ ਦੇ ਸੰਸਦ ਮੈਂਬਰਾਂ ਨੇ ਬੰਗਲਾਦੇਸ਼ 'ਚ ਹਿੰਦੂ ਭਾਈਚਾਰੇ 'ਤੇ ਹੋ ਰਹੇ ਹਮਲਿਆਂ 'ਤੇ ਚਿੰਤਾ ਪ੍ਰਗਟਾਈ ਹੈ। ਪੀਟੀਆਈ ਮੁਤਾਬਕ ਵਿਰੋਧੀ ਕੰਜ਼ਰਵੇਟਿਵ ਪਾਰਟੀ ਦੇ ਸੰਸਦ ਮੈਂਬਰ ਬੌਬ ਬਲੈਕਮੈਨ ਨੇ ਕਿਹਾ ਕਿ ਬੰਗਲਾਦੇਸ਼ ਵਿੱਚ ਸ਼ੇਖ ਹਸੀਨਾ ਦੇ ਸੱਤਾ ਤੋਂ ਬਾਹਰ ਹੋਣ ਤੋਂ ਬਾਅਦ ਹਿੰਦੂਆਂ ਦਾ ਸਫਾਇਆ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਬ੍ਰਿਟਿਸ਼ ਸੰਸਦ 'ਚ ਬਹਿਸ ਦੌਰਾਨ ਬਲੈਕਮੈਨ ਨੇ ਕਿਹਾ ਕਿ ਬੰਗਲਾਦੇਸ਼ 'ਚ ਹਿੰਦੂਆਂ ਦੇ ਘਰ ਸਾੜ ਦਿੱਤੇ ਗਏ ਹਨ। ਉਨ੍ਹਾਂ ਦੀਆਂ ਦੁਕਾਨਾਂ ਅਤੇ ਘਰਾਂ ਦੀ ਭੰਨਤੋੜ ਕੀਤੀ ਜਾ ਰਹੀ ਹੈ। ਪੁਜਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ। ਬਲੈਕਮੈਨ ਨੇ ਕਿਹਾ ਕਿ ਇਸ ਮਾਮਲੇ 'ਤੇ ਕਾਰਵਾਈ ਕਰਨਾ ਬ੍ਰਿਟੇਨ ਦੀ ਜ਼ਿੰਮੇਵਾਰੀ ਹੈ, ਕਿਉਂਕਿ



ਉਨ੍ਹਾਂ ਨੇ ਹੀ ਬੰਗਲਾਦੇਸ਼ ਨੂੰ ਆਜ਼ਾਦ ਕਰਵਾਇਆ ਸੀ।

ਵਿਦੇਸ਼ ਵਿਭਾਗ ਦੀ ਮੰਤਰੀ ਕੈਥਰੀਨ ਵੈਸਟ ਨੇ ਕਿਹਾ ਕਿ ਅਸੀਂ ਭਾਰਤ ਸਰਕਾਰ ਦੀਆਂ ਚਿੰਤਾਵਾਂ ਤੋਂ ਜਾਣੂ ਹਾਂ। ਵੈਸਟ ਨੇ ਕਿਹਾ ਕਿ ਉਹ ਪਿਛਲੇ ਮਹੀਨੇ ਬੰਗਲਾਦੇਸ਼ ਗਈ ਸੀ। ਇਸ ਦੌਰਾਨ ਯੂਨਸ ਸਰਕਾਰ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਸੀ ਕਿ ਉਹ ਘੱਟ ਗਿਣਤੀਆਂ ਦੇ ਹਿੱਤਾਂ ਦੀ ਰਾਖੀ ਕਰਨਗੇ।

ਕੰਜ਼ਰਵੇਟਿਵ ਐਮਪੀ ਪ੍ਰੀਤੀ ਪਟੇਲ ਨੇ ਕਿਹਾ ਕਿ ਬੰਗਲਾਦੇਸ਼ ਵਿੱਚ ਹਿੰਸਾ ਹੋ ਰਹੀ ਹੈ, ਜਿਸ ਨੂੰ ਸਰਕਾਰ ਰੋਕਣ ਵਿੱਚ ਸਮਰੱਥ ਨਹੀਂ ਹੈ। ਅਸੀਂ ਇਸ ਤੋਂ ਬਹੁਤ ਪ੍ਰੇਸ਼ਾਨ ਹਾਂ। ਸਾਡੀ ਹਮਦਰਦੀ ਬੰਗਲਾਦੇਸ਼ ਦੇ ਘੱਟ ਗਿਣਤੀ ਹਿੰਦੂਆਂ ਨਾਲ ਹੈ। ਇਸ ਦੇ ਨਾਲ ਹੀ ਲੇਬਰ ਪਾਰਟੀ ਦੇ ਸੰਸਦ ਮੈਂਬਰ ਬੈਰੀ ਗਾਰਡੀਨਰ ਨੇ ਕਿਹਾ ਕਿ ਬ੍ਰਿਟਿਸ਼ ਸਰਕਾਰ ਬੰਗਲਾਦੇਸ਼ ਦੇ ਹਾਲਾਤ 'ਤੇ ਨਜ਼ਰ ਰੱਖ ਰਹੀ ਹੈ।

## ਮੁੱਖ ਮੰਤਰੀ ਵੱਲੋਂ ਸੁਖਬੀਰ ਬਾਦਲ ’ਤੇ ਹਮਲੇ ਦੀ ਸਖ਼ਤ ਨਿਖੇਧੀ

**ਡੀ.ਜੀ.ਪੀ. ਨੂੰ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਕਿਹਾ**

ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅੰਮ੍ਰਿਤਸਰ ਵਿਖੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਨੂੰ ਤੁਰੰਤ ਨਾਕਾਮ ਕਰਨ ਲਈ ਪੰਜਾਬ ਪੁਲਿਸ ਦੀ ਪਿੱਠ ਥਾਪੜੀ ਹੈ ਜਿਸ ਨੇ ਸੂਬੇ ਨੂੰ ਬਦਨਾਮ ਕਰਨ ਦੇ ਮਨਸੂਬੇ ਸਫਲ ਨਾ ਹੋਣ ਦਿੱਤੇ।

ਅੱਜ ਇੱਥੇ ‘ਨਿਸ਼ਾਨ-ਏ-ਇਨਕਲਾਬ’ ਪਲਾਜ਼ਾ ਨੂੰ ਸਮਰਪਿਤ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਇਸ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਵਰਗੇ ਪਵਿੱਤਰ ਅਸਥਾਨ ’ਤੇ ਅਜਿਹੇ ਘਿਨਾਉਣੇ ਕਾਰੇ ਲਈ ਕੋਈ ਥਾਂ ਨਹੀਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸੀਨੀਅਰ ਪੁਲਿਸ ਅਧਿਕਾਰੀਆਂ ਤੋਂ ਇਲਾਵਾ 175 ਦੇ ਕਰੀਬ ਪੁਲਿਸ ਮੁਲਾਜ਼ਮ ਪਹਿਲਾਂ ਹੀ ਤਾਇਨਾਤ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਦੇ ਸਾਰਥਿਕ ਨਤੀਜੇ ਨਿਕਲੇ ਕਿਉਂਕਿ ਪੰਜਾਬ ਪੁਲਿਸ ਨੇ ਸੂਬੇ ਦਾ ਨਾਮ ਬਦਨਾਮ ਕਰਨ ਦੀ ਰਚੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਜਿਸ ਨੂੰ ਸ੍ਰੀ ਹਰਿ-ਮੰਦਰ ਸਾਹਿਬ ਦੇ ਆਲੇ-ਦੁਆਲੇ ਬਾਜ਼ ਅੱਖ ਰੱਖਣ ਲਈ ਤਾਇਨਾਤ ਕੀਤਾ ਗਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸਾਰੀ ਘਟਨਾ 'ਤੇ ਬਾਕਾਇਦਾ ਨੇੜਿਓਂ ਨਜ਼ਰ ਰੱਖ ਰਹੇ ਹਨ ਅਤੇ ਪੁਲਿਸ ਅਧਿਕਾਰੀਆਂ ਨੂੰ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵੱਧ ਤੋਂ ਵੱਧ ਚੌਕਸੀ ਵਰਤਣ ਦੇ ਨਿਰਦੇਸ਼ ਦਿੱਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਪਹਿਲਾਂ ਹੀ ਡੀ.ਜੀ.ਪੀ. ਨੂੰ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਦੇ ਨਿਰਦੇਸ਼ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਪੀਰਾਂ-ਪੈਗੰਬਰਾਂ, ਸੰਤਾਂ-ਮਹਾਪੁਰਸ਼ਾਂ, ਸ਼ਹੀਦਾਂ ਦੀ ਧਰਤੀ ਹੈ ਜੋ ਹਮੇਸ਼ਾ ਹੀ ਭਾਈਚਾਰਕ ਸਾਂਝ ਅਤੇ ਆਪਸੀ ਮਿਲਵਰਤਣ ਦੀਆਂ ਕਦਰਾਂ-ਕੀਮਤਾਂ ਲਈ ਮਾਨਵਤਾ ਲਈ ਮਿਸਾਲ ਬਣਿਆ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਅਮਨ-ਸ਼ਾਂਤੀ ਨੂੰ ਕਾਇਮ ਰੱਖਣਾ ਉਨ੍ਹਾਂ ਦੀ ਸਭ ਤੋਂ ਵੱਧ ਤਰਜੀਹ ਹੈ ਅਤੇ ਸਰਕਾਰ ਕਿਸੇ ਨੂੰ ਵੀ ਅਜਿਹੀ ਹਰਕਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਸ਼ਹੀਦ ਭਗਤ ਸਿੰਘ ਹਵਾਈ ਅੱਡਾ, ਮੋਹਾਲੀ ਅਤੇ ਸ੍ਰੀ ਗੁਰੂ ਰਾਮਦਾਸ ਹਵਾਈ ਅੱਡਾ, ਅੰਮ੍ਰਿਤਸਰ ਤੋਂ ਅੰਤਰਰਾਸ਼ਟਰੀ ਉਡਾਣਾਂ ਦੀ ਸ਼ੁਰੂਆਤ ਲਈ ਜ਼ੋਰਦਾਰ ਵਕਾਲਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਦੇਸ਼ ਜਾਣ ਵਾਲੇ ਪੰਜਾਬੀਆਂ ਦੇ ਸਮੇਂ, ਪੈਸੇ ਅਤੇ ਊਰਜਾ ਦੀ ਬੱਚਤ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਹਵਾਈ ਅੱਡਿਆਂ 'ਤੇ ਅੰਤਰਰਾਸ਼ਟਰੀ ਉਡਾਣਾਂ ਦੇ ਟੇਕਆਫ ਅਤੇ ਲੈਂਡਿੰਗ ਦੀ ਸਹੂਲਤ ਲਈ ਬੁਨਿਆਦੀ ਢਾਂਚੇ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਠੋਸ ਉਪਰਾਲੇ ਕਰ ਰਹੀ ਹੈ ਕਿ ਕੌਮਾਂਤਰੀ ਉਡਾਣਾਂ ਜਲਦੀ ਸ਼ੁਰੂ ਹੋ ਜਾਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇਸ਼-ਵਿਦੇਸ਼ ਵਿਚ ਵਸਦੇ ਪੰਜਾਬੀਆਂ ਦੀ ਸਹੂਲਤ ਲਈ ਇਸ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

## ਸੁਖਬੀਰ ਸਿੰਘ ਬਾਦਲ ’ਤੇ ਜਾਨਲੇਵਾ ਹਮਲਾ, ਗੋਲੀ ਚਲਾਉਣ ਵਾਲਾ ਗ੍ਰਿਫਤਾਰ

ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਨਖ਼ਾਹੀਆ ਕਰਾਰ ਦਿੱਤੇ ਸੁਖਬੀਰ ਸਿੰਘ ਬਾਦਲ ’ਤੇ ਬੁੱਧਵਾਰ ਨੂੰ ਸ੍ਰੀ ਦਰਬਾਰ ਸਾਹਿਬ ਦੇ ਗੇਟ ’ਤੇ ਹਮਲੇ ਦੀ ਵੱਡੀ ਖ਼ਬਰ ਸਾਹਮਣੇ ਆਈ ਹੈ। ਇਕ ਵਿਅਕਤੀ ਨੇ ਹੱਥ ਵਿੱਚ ਪਿਸਤੌਲ ਲੈ ਕੇ ਸੁਖਬੀਰ ਬਾਦਲ ਵੱਲ ਭੱਜਿਆ ਅਤੇ ਗੋਲੀ ਚਲਾ ਦਿੱਤੀ। ਫਿਰ ਉਥੇ ਖੜ੍ਹੇ ਸੁਰੱਖਿਆ ਕਰਮਚਾਰੀਆਂ ਨੇ ਉਸ ਵਿਅਕਤੀ ਨੂੰ ਫੜ੍ਹਕੇ ਪਿਸਤੌਲ ਖੋਹ ਲਿਆ। ਇਸ ਦੌਰਾਨ ਪਿਸਤੌਲ ਚੋਂ ਚੱਲੀ ਗੋਲੀ ਕੰਧ ’ਚ ਜਾ ਵੱਜੀ।

ਇਸ ਦੌਰਾਨ ਸੁਖਬੀਰ ਸਿੰਘ ਬਾਦਲ ਵਾਲ-ਵਾਲ ਬਚ ਗਏ। ਇਸ ਘਟਨਾ ਦੀ ਵੀਡੀਓ ਵੀ ਸਾਹਮਣੇ ਆਈ ਹੈ। ਇਸ ਦੌਰਾਨ ਸੁਰੱਖਿਆ ਮੁਲਾਜ਼ਮਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਘੇਰ ਲਿਆ ਅਤੇ ਘਟਨਾ ਤੋਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਸੁਰੱਖਿਆ ਵਧਾ ਦਿੱਤੀ ਹੈ। ਫੜ੍ਹੇ ਗਏ ਵਿਅਕਤੀ ਦੀ ਪਛਾਣ



ਨਰਾਇਣ ਸਿੰਘ ਚੌੜਾ, ਵਾਸੀ ਡੇਰਾਬਾਬਾ ਨਾਨਕ, ਗੁਰਦਾਸਪੁਰ ਵਜੋਂ ਹੋਈ ਹੈ। ਉਹ ਦਲ ਖਾਲਸਾ ਦਾ ਮੈਂਬਰ ਦੱਸਿਆ ਜਾ ਰਿਹਾ ਹੈ।

2 ਦਸੰਬਰ ਨੂੰ ਸ੍ਰੀ ਹਰਿਮੰਦਰ ਸਾਹਿਬ ਸਥਿਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੱਖ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਸੁਖਬੀਰ ਸਿੰਘ ਬਾਦਲ ਅਤੇ ਉਸ ਵੇਲੇ ਦੇ ਕੈਬਿਨਟ ਮੰਤਰੀਆਂ ਨੂੰ ਡੇਰਾ ਸੱਚਾ ਸੌਦਾ ਸਿਰਸਾ ਦੇ ਮੁਖੀ ਰਾਮ ਰਹੀਮ ਨੂੰ ਮੁਆਫ਼ ਕਰਨ ਅਤੇ ਬੇਅਦਬੀ ਮਾਮਲੇ ਸਮੇਤ ਹੋਰ ਮਸਲਿਆਂ ’ਚ ਤਨਖ਼ਾਹੀਆ ਕਰਾਰ ਦੇ ਕੇ ਸੇਵਾ ਲਗਾਈ ਗਈ ਸੀ।

### ਮੀਤ ਹੇਅਰ ਨੇ ਲੋਕ ਸਭਾ ਵਿੱਚ ਰਾਜਪੁਰਾ-ਚੰਡੀਗੜ੍ਹ ਰੇਲ ਲਿੰਕ ਬਣਾਉਣ ਦਾ ਮੁੱਦਾ ਉਠਾਇਆ



ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਵਿੱਚ ਸਮੁੱਚੇ ਮਾਲਵੇ ਖਿੱਤੇ ਨੂੰ ਸੂਬੇ ਦੀ ਰਾਜਧਾਨੀ ਚੰਡੀਗੜ੍ਹ ਨਾਲ ਰੇਲ ਰਾਹੀਂ ਜੋੜਨ ਲਈ ਰਾਜਪੁਰਾ-ਚੰਡੀਗੜ੍ਹ ਰੇਲ ਲਿੰਕ ਬਣਾਉਣ ਦਾ ਮੁੱਦਾ ਉਠਾਇਆ।

ਮੀਤ ਹੇਅਰ ਨੇ ਅੱਜ ਸਦਨ ਵਿੱਚ ਰੇਲ ਸਬੰਧੀ ਆਏ ਇੱਕ ਬਿੱਲ ਉੱਤੇ ਬਹਿਸ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਰੇਲ ਸਭ ਤੋਂ ਸਸਤਾ, ਸੌਖਾ ਤੇ ਵਧੀਆ ਆਵਾਜਾਈ ਦਾ ਸਾਧਨ ਹੈ ਜਿਸ ਨਾਲ ਸਭ ਤੋਂ ਵੱਧ ਆਮ ਆਦਮੀ ਨੂੰ ਫ਼ਾਇਦਾ ਹੁੰਦਾ ਹੈ। ਆਜ਼ਾਦੀ ਦੇ 77 ਸਾਲ ਬਾਅਦ ਵੀ ਮਾਲਵਾ ਖਿੱਤੇ ਦੇ ਲੋਕ ਆਪਣੀ ਰਾਜਧਾਨੀ ਨਾਲ ਸਿੱਧਾ ਰੇਲ ਨਾਲ ਨਹੀਂ ਜੁੜੇ ਜਿਸ ਲਈ ਸਿਰਫ ਰਾਜਪੁਰਾ ਤੇ ਚੰਡੀਗੜ੍ਹ ਨੂੰ ਜੋੜਨਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜ਼ਮੀਨ ਐਕਵਾਇਰ ਦੀ ਮੰਗ ਦਾ ਹਵਾਲਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸੜਕਾਂ ਬਣਾਉਣ ਲਈ ਜ਼ਮੀਨ ਐਕਵਾਇਰ ਹੋ ਸਕਦੀ ਹੈ ਤਾਂ ਸਰਕਾਰੀ ਰੇਲ ਸੇਵਾ ਲਈ ਕਿਉਂ ਨਹੀਂ।

### ਸੁਖਬੀਰ ਬਾਦਲ ’ਤੇ ਹਮਲਾ ਮੰਦਭਾਗਾ, ਪੁਲਿਸ ਦੀ ਮੁਸਤੈਦੀ ਕਾਰਨ ਪ੍ਰਭਾਵਸ਼ਾਲੀ ਢੰਗ ਨਾਲ ਨਾਕਾਮ ਕੀਤਾ ਗਿਆ : ਸਪੀਕਰ ਸੰਧਵਾਂ

**ਸੰਧਵਾਂ ਨੇ ਪੰਜਾਬ ਪੁਲਿਸ ਦੀ ਕੀਤੀ ਪ੍ਰਸ਼ੰਸਾ**

ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਪ੍ਰਵੇਸ਼ ਦੁਆਰ 'ਤੇ ਸੇਵਾ ਕਰ ਰਹੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਨੂੰ ਨਾਕਾਮ ਕਰਨ ਲਈ ਪੰਜਾਬ ਪੁਲਿਸ ਦੀ ਤੁਰੰਤ ਕਾਰਵਾਈ ਦੀ ਸ਼ਲਾਘਾ ਕੀਤੀ ਹੈ।

ਅੱਜ ਇਥੇ ਜਾਰੀ ਪ੍ਰੈਸ ਬਿਆਨ ਵਿੱਚ ਸ. ਸੰਧਵਾਂ ਨੇ ਇਸ ਘਟਨਾ ਨੂੰ ਬਹੁਤ ਹੀ ਮੰਦਭਾਗਾ ਕਰਾਰ ਦਿੰਦਿਆਂ ਕਿਹਾ ਕਿ ਗੁਰੂ ਘਰ ਵਿੱਚ ਹਰ ਵਿਅਕਤੀ ਆਪਣੇ ਆਪ ਨੂੰ



ਸੁਰੱਖਿਅਤ ਮਹਿਸੂਸ ਕਰਦਾ ਹੈ ਅਤੇ ਗੁਰੂ ਘਰ ਦਾ ਸਤਿਕਾਰ ਅਤਿਅੰਤ ਹੈ। ਉਨ੍ਹਾਂ ਇਸ ਘਟਨਾ ਨੂੰ ਅਤਿ ਨਿੰਦਣਯੋਗ ਦੱਸਦਿਆਂ ਇਸ ਦੀ ਨਿਖੇਧੀ ਕੀਤੀ।

ਸੰਧਵਾਂ ਨੇ ਕਿਹਾ ਕਿ ਪੰਜਾਬ ਪੁਲਿਸ ਇਸ ਪਵਿੱਤਰ ਅਸਥਾਨ 'ਤੇ ਹਮਲੇ ਨੂੰ ਟਾਲਣ ਲਈ ਕੀਤੀ ਗਈ ਚੌਕਸੀ ਕਾਰਵਾਈ ਲਈ ਪ੍ਰਸ਼ੰਸਾ ਦੀ ਹੱਕਦਾਰ ਹੈ।

TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca

Harcharan S. Grover
Chartered Accountant



GroverCPA Professional Corporation

214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ



Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ShergGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill (MBA,LL.B.)
Tel: 905-790-3636



2565 Steeles Ave E Unit #20, Brampton, ON L6T 4L6



Emergency Contact:
416.910.5676
www.shergilllawfirm.ca

# 2500 ਰੁਪਏ ਰਿਸ਼ਵਤ ਲੈਣ ਵਾਲੇ ਵਣ ਗਾਰਡ ਨੂੰ ਵਿਜੀਲੈਂਸ ਬਿਊਰੋ ਨੇ ਕੀਤਾ ਕਾਬੂ



ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਜ਼ਿਲ੍ਹਾ ਜੰਗਲਾਤ ਵਿਭਾਗ ਮਾਨਸਾ ਵਿਖੇ ਤਾਇਨਾਤ ਇੱਕ ਵਣ ਗਾਰਡ ਮਨਪ੍ਰੀਤ ਸਿੰਘ ਨੂੰ 2500 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਾਜ਼ਮ ਨੂੰ ਗੁਰਪ੍ਰੀਤ ਸਿੰਘ ਵਾਸੀ ਖੋਖਰ ਰੋਡ, ਮਾਨਸਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੰਪਰਕ ਕਰਕੇ ਦੱਸਿਆ ਕਿ ਉਹ ਇੱਕ ਮਸ਼ੀਨੀ ਰੇਹੜੀ ਚਲਾ ਕੇ ਆਪਣੀ ਰੋਜ਼ੀ-ਰੋਟੀ ਕਮਾਉਂਦਾ ਹੈ ਅਤੇ ਉਸਨੇ ਸੜਕ ਕਿਨਾਰੇ ਇੱਕ ਲੱਕੜ ਦਾ ਟੁਕੜਾ ਦੇਖਿਆ ਅਤੇ ਆਪਣੀ ਮੋਟਰ ਰੇਹੜੀ ਵਿੱਚ ਲੱਦ ਲਿਆ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਜਦੋਂ ਉਹ ਰਸਤੇ ਵਿੱਚ ਜਾ ਰਿਹਾ ਸੀ ਤਾਂ ਉਕਤ ਵਣ ਗਾਰਡ ਨੇ ਉਸਨੂੰ ਲੱਕੜ ਚੋਰੀ ਕਰਨ ਦੇ ਦੋਸ਼ ਵਿੱਚ ਜੁਰਮਾਨਾ ਕਰਨ ਦੀ ਧਮਕੀ ਦਿੱਤੀ ਅਤੇ ਕੋਈ ਕਾਰਵਾਈ ਨਾ ਕਰਨ ਬਦਲੇ ਉਸਨੂੰ 5,000 ਰੁਪਏ ਦੀ ਰਿਸ਼ਵਤ ਦੇਣ ਲਈ ਕਿਹਾ।

ਸ਼ਿਕਾਇਤ ਅਨੁਸਾਰ 4,000 ਰੁਪਏ ਵਿੱਚ ਸੌਦਾ ਤੈਅ ਹੋ ਗਿਆ ਅਤੇ ਉਕਤ ਮੁਲਾਜ਼ਮ 1400 ਰੁਪਏ ਪਹਿਲੀ ਕਿਸ਼ਤ ਵੀ ਲੈ ਚੁੱਕਾ ਹੈ ਅਤੇ ਬਾਕੀ ਰਕਮ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਦੋਸ਼ੀ ਜੰਗਲਾਤ ਗਾਰਡ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਬਾਕੀ ਬਚੀ 1100 ਰੁਪਏ ਦੀ ਰਕਮ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ ਹੈ।

ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਕਿਹਾ ਕਿ ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਹਰਜੋਤ ਬੈਂਸ ਵੱਲੋਂ ਨਿਤਿਨ ਗਡਕਰੀ ਨਾਲ ਮੁਲਾਕਾਤ

*** ਸ੍ਰੀ ਕੀਰਤਪੁਰ ਸਾਹਿਬ ਤੋਂ ਨੰਗਲ- ਊਨਾ ਬਾਰਡਰ ਤੱਕ ਸੜਕ ਨੂੰ ਚਹੁੰ-ਮਾਰਗੀ ਕਰਨ ਦੀ ਮੰਗ * ਬੰਗਾ ਤੋਂ ਸ੍ਰੀ ਆਨੰਦਪੁਰ ਸਾਹਿਬ ਤੱਕ ਸੜਕ ਨੂੰ ਕੌਮੀ ਰਾਜ ਮਾਰਗ ਦਾ ਦਰਜਾ ਦੇ ਕੇ ਚਹੁੰ-ਮਾਰਗੀ ਬਣਾਉਣ ਦੀ ਮੰਗ**

ਨਵੀਂ ਦਿੱਲੀ, 4 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਅੱਜ ਕੇਂਦਰੀ ਸੜਕ ਅਤੇ ਟ੍ਰਾਂਸਪੋਰਟ ਮੰਤਰੀ ਸ੍ਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਹਨਾਂ ਨਾਲ ਪੰਜਾਬ ਤੋਂ ਰਾਜ ਸਭਾ ਮੈਂਬਰ ਸ੍ਰੀ ਸੰਜੀਵ ਅਰੋੜਾ ਵੀ ਹਾਜ਼ਰ ਸਨ।

ਇਸ ਮੁਲਾਕਾਤ ਦੌਰਾਨ ਸ. ਬੈਂਸ ਨੇ ਕੇਂਦਰੀ ਕੇਂਦਰੀ ਸੜਕ ਅਤੇ ਟ੍ਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਇਤਿਹਾਸਕ ਅਤੇ ਭੂਗੋਲਿਕ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਇਸ ਇਲਾਕੇ ਦੀਆਂ ਸੜਕਾਂ ਸਬੰਧੀ ਜ਼ਰੂਰਤਾਂ ਬਾਰੇ ਗੱਲਬਾਤ ਕੀਤੀ ਗਈ। ਬੈਂਸ ਨੇ ਇਸ ਮੌਕੇ ਗਡਕਰੀ ਨੂੰ ਦੱਸਿਆ ਕਿ ਸਿੱਖ ਧਰਮ ਦੇ ਇਤਿਹਾਸਕ ਸਥਾਨ ਸ੍ਰੀ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਹਿੰਦੂ ਮੱਤ ਦੇ ਸ਼ਕਤੀ ਪੀਠ ਸ੍ਰੀ ਨੈਨਾ ਦੇਵੀ ਨੂੰ ਜੋੜਨ ਵਾਲੀਆਂ ਸੜਕਾਂ ਨੂੰ ਤੁਰੰਤ ਚਹੁੰ-ਮਾਰਗੀ ਕਰਨ ਦੀ ਜ਼ਰੂਰਤ ਹੈ ਤਾਂ ਜੋ ਇਹਨਾਂ ਸਥਾਨਾਂ ‘ਤੇ ਆਉਣ ਵਾਲੇ ਸ਼ਰਧਾਲੂਆਂ ਦੀ ਆਵਾਜਾਈ ਨੂੰ ਸੁਖਾਲਾ ਬਣਾਇਆ ਜਾ ਸਕੇ। ਉਹਨਾਂ ਕਿਹਾ ਕਿ ਇਸ ਚਹੁੰ-ਮਾਰਗੀ ਸੜਕ ਸਬੰਧੀ ਵਿਸਥਾਰਤ ਪ੍ਰੋਜੈਕਟ ਰਿਪਰੋਟ (ਡੀ.ਪੀ.ਆਰ.) ਪਹਿਲਾਂ ਹੀ ਤਿਆਰ ਕੀਤੇ ਜਾ ਚੁੱਕੇ ਹਨ। ਇਥੇ ਇਹ ਵੀ ਦੱਸਣਯੋਗ ਹੈ ਕਿ ਹਰਜੋਤ ਸਿੰਘ ਬੈਂਸ ਵੱਲੋਂ ਬੀਤੇ ਸਮੇਂ ਵਿੱਚ ਕੇਂਦਰ ਸਰਕਾਰ ਨੂੰ ਪੱਤਰ ਲਿਖੇ ਜਾ ਚੁੱਕੇ ਹਨ।

ਉਹਨਾਂ ਕਿਹਾ ਕਿ ਸਭ ਤੋਂ ਪਹਿਲਾਂ ਸ੍ਰੀ ਕੀਰਤਪੁਰ ਸਾਹਿਬ ਤੋਂ ਊਨਾ ਜ਼ਿਲ੍ਹੇ ਦਾ ਹਿਮਾਚਲ ਬਾਰਡਰ ਮਹਿਤਪੁਰ ਤੱਕ ਮਾਰਗ ਨੂੰ ਚਹੁੰ ਮਾਰਗੀ ਕਰਨ ਦੀ ਅਤਿਅੰਤ ਲੋੜ ਹੈ। ਉਹਨਾ ਕਿਹਾ ਕਿ ਇਸ ਤੋਂ ਇਲਾਵਾ ਮਾਂਝੇ, ਦੁਆਬੇ ਅਤੇ ਮਾਲਵੇ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ੍ਰੀ ਅਨੰਦਪੁਰ ਸਾਹਿਬ ਅਤੇ ਨੈਨਾ ਦੇਵੀ ਦੀ ਯਾਤਰਾ ਕਰਨ ਲਈ ਬੰਗਾ-ਸ੍ਰੀ ਅਨੰਦਪੁਰ ਸਾਹਿਬ ਮਾਰਗ ਦੀ ਵਰਤੋਂ ਕਰਦੇ ਹਨ, ਜੋ ਕਿ ਲਿੰਕ ਰੋਡ ਹੈ, ਜਿਸ ‘ਤੇ ਅਕਸਰ ਹਾਦਸੇ ਵਾਪਰਦੇ ਰਹਿੰਦੇ ਹਨ। ਉਹਨਾਂ ਇਸ ਮਾਰਗ ਨੂੰ ਵੀ ਚਹੁੰ-ਮਾਰਗੀ ਬਣਾਉਂਦਿਆਂ ਕੌਮੀ ਮਾਰਗ ਦਾ ਦਰਜਾ ਦੇਣ ਦੀ ਮੰਗ ਕੀਤੀ।

ਬੈਂਸ ਨੇ ਕੇਂਦਰੀ ਮੰਤਰੀ ਨੂੰ ਬੇਨਤੀ ਕੀਤੀ ਕਿ ਪੰਜਾਬ ਦੇ ਸਨਅਤੀ ਸ਼ਹਿਰ ਲੁਧਿਆਣਾ ਨਾਲ ਹਿਮਾਚਲ ਨੂੰ ਜੋੜਨ ਲਈ ਸ੍ਰੀ ਆਨੰਦਪੁਰ ਸਾਹਿਬ ਤੋਂ ਸ੍ਰੀ ਚਮਕੌਰ ਸਾਹਿਬ ਤੱਕ ਇੱਕ ਨਵਾਂ ਗ੍ਰੀਨਫੀਲਡ ਐਕਸਪ੍ਰੈਸਵੇ ਬਣਾਇਆ ਜਾਵੇ। ਕੈਬਨਿਟ ਮੰਤਰੀ ਨੇ ਕਿਹਾ ਕਿ ਜੇਕਰ ਇਹ 50 ਕਿਲੋਮੀਟਰ ਲੰਬਾ ਐਕਸਪ੍ਰੈਸਵੇਅ ਬਣ ਜਾਂਦਾ ਹੈ ਤਾਂ ਇਸ ਨਾਲ ਰੋਪੜ-ਲੁਧਿਆਣਾ ਹਾਈਵੇਅ ਅਤੇ ਕੀਰਤਪੁਰ-ਮਨਾਲੀ ਹਾਈਵੇਅ ਨੂੰ ਜੋੜੇਗਾ। ਸ. ਬੈਂਸ ਨੇ ਇਸ ਮਾਰਗ ਦਾ ਨਾਮ “ਗੁਰੂ ਗੋਬਿੰਦ ਸਿੰਘ ਐਕਸਪ੍ਰੈਸਵੇਅ” ਰੱਖਣ ਦਾ ਸੁਝਾਅ ਵੀ ਦਿੱਤਾ।



ਕੇਂਦਰੀ ਸੜਕ ਤੇ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਵੱਲੋਂ ਸ੍ਰੀ ਕੀਰਤਪੁਰ ਸਾਹਿਬ ਤੋਂ ਹਿਮਾਚਲ ਬਾਰਡਰ ਮਹਿਤਪੁਰ ਤੱਕ ਸੜਕ ਨੂੰ ਚਹੁੰ-ਮਾਰਗੀ ਕਰਨ, ਬੰਗਾ ਤੋਂ ਸ੍ਰੀ ਆਨੰਦਪੁਰ ਸਾਹਿਬ ਤੱਕ ਸੜਕ ਨੂੰ ਕੌਮੀ ਰਾਜ ਮਾਰਗ ਦਾ ਦਰਜਾ ਦੇ ਕੇ ਚਹੁੰ-ਮਾਰਗੀ ਬਣਾਉਣ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਸ੍ਰੀ ਚਮਕੌਰ ਸਾਹਿਬ ਤੱਕ ਨਵਾਂ ਗ੍ਰੀਨਫੀਲਡ ਐਕਸਪ੍ਰੈਸਵੇ “ਗੁਰੂ ਗੋਬਿੰਦ ਸਿੰਘ ਐਕਸਪ੍ਰੈਸਵੇ” ਬਣਾਉਣ ਸਬੰਧੀ ਸਹਿਮਤੀ ਦਾ ਪ੍ਰਗਟਾਵਾ ਕਰਦਿਆਂ ਭਰੋਸਾ ਦਿੱਤਾ ਕਿ ਇਹਨਾਂ ਪ੍ਰੋਜੈਕਟਾਂ ‘ਤੇ ਜਲਦ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਗਡਕਰੀ ਨੇ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਕੀਰਤਪੁਰ-ਨੰਗਲ ਸੜਕ ਦਾ ਕੰਮ ਜਲਦ ਸ਼ੁਰੂ ਕਰਨ ਦੇ ਆਦੇਸ਼ ਦਿੱਤੇ ਜਦਕਿ ਬੰਗਾ-ਸ੍ਰੀ ਆਨੰਦਪੁਰ ਸਾਹਿਬ ਰੋਡ ਸਬੰਧੀ ਫਾਈਲ ਪੇਸ਼ ਕਰਨ ਅਤੇ ਨਵੇਂ ਐਕਸਪ੍ਰੈਸਵੇ ਦੇ ਅਧਿਐਨ ਦੇ ਵੀ ਹੁਕਮ ਦਿੱਤੇ।

ਇਥੇ ਦੱਸਣਯੋਗ ਹੈ ਕਿ ਹਰਜੋਤ ਸਿੰਘ ਬੈਂਸ ਹਲਕੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਨ। ਬੀਤੇ ਢਾਈ ਸਾਲਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ੍ਰੀ ਆਨੰਦਪੁਰ ਸਾਹਿਬ ਵਿੱਚ ਕਈ ਵਿਕਾਸ ਪ੍ਰੋਜੈਕਟ ਪੂਰੇ ਹੋ ਰਹੇ ਹਨ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10”tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਰਾਹੀ ਮਾਸੂਮ ਰਜ਼ਾ ਕਹਿੰਦਾ ਸੀ: ਯੇ ਮੌਸਮ ਖਤਮ ਹੋਨੇ ਕਾ ਨਾਮ ਹੀ ਨਹੀਂ ਲੇ ਰਹਾ

ਜਤਿੰਦਰ ਪਨੂੰ ਦੀ ਕਲਮ ਤੋਂ



ਭਖਦੀ ਪਈ ਫਿਰਕਾਪ੍ਰਸਤੀ ਦੇ ਉਬਾਲਿਆਂ ਦੌਰਾਨ ਜੇ ਕਿਸੇ ਨੇ ਵਕਤ ਦੀ ਅੱਖ ਵਿੱਚ ਅੱਖ ਪਾਈ ਤੇ ਇਸ ਦੇਸ਼ ਦੇ ਲੋਕਾਂ ਵਿੱਚ ਆਪਣੇ ਵਕਤ ਹੱਦੋਂ ਵੱਧ ਹਰਮਨ ਪਿਆਰੇ ਹੋਏ ਟੀ ਵੀ ਸੀਰੀਅਲ ਮਹਾਂਭਾਰਤ ਦੇ ਡਾਇਲਾਗ ਲਿਖਣ ਦਾ ਜ਼ਿੰਮਾ ਚੁਣੌਤੀ ਸਮਝ ਕੇ ਚੁੱਕਿਆ ਤੇ ਨਿਭਾਇਆ ਸੀ, ਉਸ ਵਿਅਕਤੀ ਦਾ ਨਾਂਅ ਸੀ ਰਾਹੀ ਮਾਸੂਮ ਰਜ਼ਾ। ਉਸ ਨੇ ਭਾਰਤ ਦੇ ਕਿਸ-ਕਿਸ ਖੇਤਰ ਵਿੱਚ ਕੀ ਯੋਗਦਾਨ ਦਿੱਤਾ, ਕਿਹੜੀ ਫਿਲਮ ਤੇ ਕਿਹੜੇ ਟੀ ਵੀ ਸੀਰੀਅਲ ਵਾਸਤੇ ਕਿੱਦਾਂ ਦੀ ਮਦਦ ਕੀਤੀ, ਇਹ ਕਹਾਣੀ ਬਹੁਤ ਲੰਮੀ ਹੈ ਤੇ ਇਸ ਦਾ ਇੱਕ ਖਾਸ ਸੱਚ ਇਹ ਵੀ ਹੈ ਕਿ ਉਸ ਨੇ ਕਦੀ ਕਿਸੇ ਤੋਂ ਪੈਸਿਆਂ ਦੀ ਮੰਗ ਨਹੀਂ ਸੀ ਕੀਤੀ, ਜੋ ਕੁਝ ਕਿਸੇ ਨੇ ਦੇ ਦਿੱਤਾ, ਲੈ ਲਿਆ ਕਰਦਾ ਸੀ। ਟੀ ਵੀ ਸੀਰੀਅਲ ਮਹਾਭਾਰਤ ਲਈ ਡਾਇਲਾਗ ਲਿਖਣ ਵਾਸਤੇ ਉਸ ਨੂੰ ਕਿਹਾ ਗਿਆ ਤਾਂ ਉਸ ਨੇ ਵਕਤ ਦੀ ਕਮੀ ਕਾਰਨ ਇਨਕਾਰ ਕਰ ਦਿੱਤਾ, ਪਰ ਇਸ ਮਗਰੋਂ ਜਦੋਂ ਹਜ਼ਾਰਾਂ ਚਿੱਠੀਆਂ ਸੀਰੀਅਲ ਦੇ ਪ੍ਰੋਡਿਊਸਰ ਕੋਲ ਗਈਆਂ ਕਿ ਕੀ ਸਾਰੇ ਹਿੰਦੂ ਮਰ ਗਏ, ਤੁਸੀਂ ਇੱਕ ਮੁਸਲਿਮ ਤੋਂ ਇਸ ਦੇ ਡਾਇਲਾਗ ਲਿਖਾਉਣਾ ਚਾਹੁੰਦੇ ਹੋ ਤਾਂ ਰਾਹੀ ਨੇ ਖੁਦ ਜਾ ਕੇ ਇਹ ਕੰਮ ਕਰਨ ਦੀ ਪੇਸ਼ਕਸ਼ ਕਰ ਦਿੱਤੀ। ਉਹ ਖੁਦ ਨੂੰ ਗੰਗਾ ਮਈਆ ਦਾ ਪੁੱਤਰ ਮੰਨਦਾ ਸੀ ਤੇ ਇਸ ਕੰਮ ਵਿੱਚ ਉਸ ਦੇ ਮੁਸਲਮਾਨ ਹੋਣ ਦੀ ਨੁਕਤਾਚੀਨੀ ਕਰਨ ਵਾਲਿਆਂ ਨੂੰ ਜਵਾਬ ਦੇਣ ਲਈ ਮੋਰਚਾ ਮੱਲਿਆ ਸੀ ਅਤੇ ਅੱਜ ਤੱਕ ਉਸ ਸੀਰੀਅਲ ਦੇ ਨਾਲ ਰਾਹੀ ਮਾਸੂਮ ਰਜ਼ਾ ਦਾ ਨਾਂਅ ਹਰ ਮੋੜ ਉੱਤੇ ਚਰਚਾ ਦਾ ਕੇਂਦਰ ਬਾਕਾਇਦਾ ਬਣਦਾ ਆ ਰਿਹਾ ਹੈ। ਉਸ ਪ੍ਰਸਿੱਧ ਲੇਖਕ ਨੇ ਹੀ ਇੱਕ ਵਾਰ ਭਾਰਤ ਵਿੱਚ ਵਧੀ ਜਾ ਰਹੀ ਫਿਰਕਾਪ੍ਰਸਤੀ ਬਾਰੇ ਉਸ ਵਕਤ ਦੇ ਪ੍ਰਸਿੱਧ ਲੇਖਕ ਤੇ ਆਪਣੇ ਮਿੱਤਰ ਕਮਲੇਸ਼ਵਰ ਨੂੰ ਚਿੱਠੀ ਵਿੱਚ ਲਿਖਿਆ ਸੀ: 'ਯਾਰ ਕਮਲੇਸ਼ਵਰ ਯੇ ਮੌਸਮ ਖਤਮ ਹੋਨੇ ਕਾ ਨਾਮ ਹੀ ਨਹੀਂ ਲੇ ਰਹਾ।' ਉਸ ਖਾਸ ਦੌਰ ਵਿੱਚ ਹਰ ਪਾਸੇ ਚਰਚਾ ਦਾ ਕੇਂਦਰ ਬਣੀ ਉਹ ਚਿੱਠੀ ਅੱਜ ਦੇ ਹਾਲਾਤ ਵਿੱਚ ਵੀ ਸੰਵੇਦਨਸ਼ੀਲ ਭਾਰਤੀ ਲੋਕਾਂ ਦੀ ਨੀਂਦ ਉਡਾ ਸਕਦੀ ਹੈ, ਉਨ੍ਹਾਂ ਸਾਰੇ ਭਲੇ ਲੋਕਾਂ ਦੀ, ਜਿਹੜੇ ਭਾਰਤ ਨਾਲੋਂ ਵੱਧ ਭਾਰਤ ਦੀ ਏਕਤਾ ਵਿੱਚ ਅਨੇਕਤਾ ਨੂੰ ਪਿਆਰ ਕਰਦੇ ਹਨ।

ਜਦੋਂ ਭਾਰਤ ਦੇ ਆਮ ਲੋਕ ਏਨੇ ਕੀਲੇ ਗਏ ਕਿ ਵਿਆਹ ਵਾਲਾ ਲਾੜਾ ਵੀ ਮਹਾਭਾਰਤ ਦੀ ਉਸ ਦਿਨ ਦੀ ਕਿਸ਼ਤ ਵੇਖ ਕੇ ਘੋੜੀ ਚੜ੍ਹਨ ਦੀ ਜ਼ਿਦ ਕਰਦਾ ਹੁੰਦਾ ਸੀ ਅਤੇ ਇਸ ਕਾਰਨ ਲੋਕ ਮਹੂਰਤ ਲੰਘ ਜਾਣ ਦੀ ਪ੍ਰਵਾਹ ਵੀ ਨਹੀਂ ਸਨ ਕਰਦੇ, ਓਦੋਂ ਏਸੇ ਦੇਸ਼ ਵਿੱਚ ਫਿਰਕਾਪ੍ਰਸਤੀ ਦਾ ਇੱਕ ਨਵਾਂ ਉਬਾਲਾ ਉੱਠਣ ਲੱਗ ਪਿਆ। ਇੱਕ ਖਾਸ ਧਰਮ ਦੇ ਨਾਂਅ ਉੱਤੇ ਰਾਜਨੀਤੀ ਕਰ ਕੇ ਪਾਰਲੀਮੈਂਟ ਅਤੇ ਲਾਲ ਕਿਲ੍ਹੇ ਤੱਕ ਪਹੁੰਚਣ ਦੀ ਖੇਡ ਸ਼ੁਰੂ ਕਰ ਦਿੱਤੀ ਗਈਅਤੇ ਇਸ ਕੰਮ ਲਈ ਇੱਕ ਨੇਤਾ ਰਾਮ-ਰੱਥ ਲੈ ਕੇ ਦੇਸ਼ ਦੀ ਯਾਤਰਾ ਕਰਨ ਨਿਕਲ ਤੁਰਿਆ ਸੀ। ਉਹ ਰੱਥ-ਯਾਤਰਾ ਜਿਸ ਵੀ ਪਾਸੇ ਤੋਂ ਲੰਘਦੀ ਗਈ, ਮਾਹੌਲ ਵਿੱਚ ਇੱਕ ਖਾਸ ਤਰ੍ਹਾਂ ਦਾ ਵੰਡ-ਪਾਊ ਮਾਹੌਲ ਬਣਦਾ ਗਿਆ ਸੀ ਤੇ ਇਸ ਮਾਹੌਲ ਦੇ ਅਸਰ ਹੇਠ ਉਹ ਪਾਰਟੀ ਪਿਛਲੀ ਵਾਰੀ ਦੀਆਂ ਸਿਰਫ ਦੋ ਸੀਟਾਂ ਤੋਂ ਇੱਕੋ ਛੜੱਪੇ ਵਿੱਚ ਵਧ ਕੇ ਦੇਸ਼ ਦੀ ਪਾਰਲੀਮੈਂਟ ਅੰਦਰ ਰਾਜ-ਸੱਤਾ ਦਾ ਨਿਬੇੜਾ ਕਰਨ ਵਾਲੀ ਲੋਕ ਸਭਾ ਦੀਆਂ ਛਿਆਸੀ ਸੀਟਾਂ ਜਿੱਤਣ ਵਿੱਚ ਸਫਲਹੋ ਗਈ। ਭਾਰਤ ਦੀ ਜਿਸ ਰਾਜਸੀ ਧਿਰ ਨੇ ਇਹ ਫਾਰਮੂਲਾ ਇੱਕ ਵਾਰੀ ਅਜ਼ਮਾਇਆ ਅਤੇ ਆਪਣੇ ਹੱਕ ਵਿੱਚ ਇਹੋ ਜਿਹੇ ਨਤੀਜੇ ਨਿਕਲੇ ਵੇਖ ਲਏ, ਉਹ ਅੱਗੋਂ ਭਵਿੱਖ ਦੀ ਰਾਜਨੀਤੀ ਲਈ ਇਸ ਨੂੰ ਲੁਕਮਾਨ ਹਕੀਮ ਦਾ ਨੁਸਖਾ ਮੰਨ ਤੁਰੀ ਸੀ। ਮੁੱਢਲਾ ਨਿਸ਼ਾਨਾ ਬੇਸ਼ੱਕ ਬਾਬਰੀ ਮਸਜਿਦ ਢਾਹੁਣ ਅਤੇ ਉਸ ਦੀ ਥਾਂ ਭਗਵਾਨ ਰਾਮ ਦਾ ਮੰਦਰ ਬਣਾਉਣ ਦਾ ਸੀ, ਫਿਰ ਇਹ ਨਿਸ਼ਾਨਾ ਸੀਮਤ ਨਾ ਰਹਿ ਕੇ ਸਾਰੇ ਦੇਸ਼ ਦੀ ਇੱਕ ਖਾਸ ਧਾਰਮਿਕ ਘੱਟ-ਗਿਣਤੀ ਨੂੰ ਖੂੰਜੇ ਲਾਉਣ ਤੱਕ ਪਹੁੰਚ ਗਿਆ ਸੀ। ਅੱਜ ਭਾਰਤ ਦੀ ਹਰ ਨੁੱਕਰ ਅਤੇ ਹਰ ਰਾਜ ਵਿੱਚ ਜਿੱਦਾਂ ਦਾ ਮਾਹੌਲ ਬਣਦਾ ਵੇਖ ਰਹੇ ਹਾਂ, ਇਸ ਦੀ ਸ਼ੁਰੂਆਤ ਓਦੋਂ ਹੋਈ ਸੀ।

ਪੱਤਰਕਾਰੀ ਖੇਤਰ ਨਾਲ ਜੁੜੇ ਅਸੀਂ ਲੋਕ ਓਦੋਂ ਇਹ ਬਹਿਸਾਂ ਹੁੰਦੀਆਂ ਅਤੇ ਇਹ ਕਿਹਾ ਜਾਂਦਾ ਬੜੀ ਵਾਰ ਸੁਣਦੇ ਰਹੇ ਸਾਂ ਕਿ ਇਹ ਇੱਕ ਵਕਤੀ ਉਬਾਲਾ ਹੈ ਅਤੇ ਭਾਰਤ ਦੇ ਲੋਕਾਂ ਨੇ ਏਦਾਂ ਦੀ ਰਾਜਨੀਤੀ ਨੂੰ ਸਥਾਈ ਜੜ੍ਹਾਂ ਜਮਾਉਣ ਦੀ ਖੁੱਲ੍ਹ ਕਦੇ ਨਹੀਂ ਦੇਣੀ। ਏਦਾਂ ਕਹਿਣ ਵਾਲੇ ਗਲਤ ਸਾਬਤ ਹੋਏ ਅਤੇ ਰਾਜਸੀ ਸੱਤਾ ਦੀ ਪ੍ਰਾਪਤੀ ਲਈ ਧਾਰਮਿਕ ਮੁੱਦਿਆਂ ਨੂੰ ਵਰਤਣ ਦੀ ਉਹ ਖੇਡ ਫਿਰ ਬੰਦ ਨਹੀਂ ਹੋ ਸਕੀ। ਪਹਿਲਾਂ ਕਾਂਗਰਸ ਆਪਣਾ ਰਾਜ ਕਾਇਮ ਰੱਖਣ ਲਈ ਫਿਰਕਾਪ੍ਰਸਤੀ ਨੂੰ ਵਰਤਣ ਲੱਗੀ ਰਹੀ ਤਾਂ ਕੁਝ ਲੋਕ ਕਹਿੰਦੇ ਸਨ ਕਿ ਖੇਡ ਖਤਰਨਾਕ ਹੈ, ਪਰ ਕਾਂਗਰਸੀ ਰਾਜਨੀਤੀ ਏਨੀ ਚੁਸਤ ਹੈ ਕਿ ਫਿਰਕਾਪ੍ਰਸਤੀ ਦਾ ਉਬਾਲਾ ਸੀਮਤ ਰੱਖ ਸਕਦੀ ਹੈ। ਚੁਸਤੀ ਦੀ ਇਸ ਰਾਜਨੀਤੀ ਨਾਲਅਸੀਂ ਲੋਕ ਕਦੇਸਹਿਮਤ ਨਹੀਂ ਸਾਂ ਹੋਏਅਤੇ ਬੜੀ ਵਾਰ ਖੁੱਲ੍ਹ ਕੇ ਕਿਹਾ ਸੀ ਕਿ ਅੱਗ ਨੂੰ ਹੱਦਾਂ ਵਿੱਚ ਰੱਖਣ ਦੇਯਤਨਸਦਾਕਾਮਯਾਬ ਨਹੀਂ ਹੋ ਸਕਦੇ, ਕਿਸੇ ਦਿਨ ਹੱਦੋਂ ਵਧ ਕੇ ਕਾਬੂ ਤੋਂ ਬਾਹਰ ਹੋ ਗਈ ਤਾਂ ਜਿਹੜੇ ਆਗੂ ਅੱਜ ਇਸ ਨਾਲ ਖੇਡਣ ਨੂੰ ਰਾਜਨੀਤਕ ਚੁਸਤੀ ਸਮਝਦੇ ਹਨ, ਕਿਸੇ ਦਿਨ ਉਹੀ ਆਗੂ ਅੱਖਾਂ ਵਿੱਚ ਘਸੁੰਨ ਦੇ ਕੇ ਰੋਇਆ ਕਰਨਗੇ। ਚੁਸਤੀ ਦੀ ਇਹੋ ਰਾਜਨੀਤੀ ਆਖਰ ਨੂੰ ਆਮ ਲੋਕਾਂ ਦੇ ਨਾਲ ਓਦੋਂ ਦੀ ਕਾਂਗਰਸ ਲੀਡਰਸ਼ਿਪ ਦੇ ਮੋਹਰੀ ਪਰਵਾਰ ਨੂੰ ਭੁਗਤਣੀ ਪਈ ਸੀ।

ਆਪਣੇ ਆਪ ਨੂੰ ਧਰਮ-ਨਿਰਪੱਖ ਕਹਿਣਾ ਅਤੇ ਫਿਰਕੂ ਮੁੱਦਿਆਂ ਦੀ ਚੋਭ ਲਾ ਕੇ ਵੋਟਾਂ ਵਟੋਰਨ ਦੀ ਚਾਲਾਕੀ ਵੀ ਕਰਨਾ ਫਿਰ ਭਾਰਤ ਦੀ ਰਾਜਨੀਤੀ ਵਿੱਚ ਇੱਕ ਇਹੋ ਜਿਹੀ ਧਿਰ ਦੀ ਉਠਾਣ ਲਈ ਸਬੱਬ ਬਣਿਆ ਸੀ, ਜਿਸ ਦੇ ਆਗੂਆਂ ਨੇ ਅੱਗ ਨੂੰ ਸੀਮਤ ਹੱਦਾਂ ਵਿੱਚ ਰੱਖਣ ਦੀ ਲੋੜ ਬਾਰੇ ਸੋਚਣਾ ਛੱਡ ਦਿੱਤਾ ਸੀ। ਉਨ੍ਹਾਂ ਦੀ ਅਣਕਹੀ ਰਾਜਨੀਤਕ ਚਾਲਾਕੀ ਦਾ ਧੁਰਾ ਇਹੋ ਸੀ ਕਿ ਜਿੰਨੀ ਜ਼ਿਆਦਾ ਫਿਰਕਾਪ੍ਰਸਤੀ ਭੜਕੇਗੀ, ਓਨੀ ਜ਼ਿਆਦਾ ਉਨ੍ਹਾਂ ਦੀ ਰਾਜਨੀਤੀ ਚਮਕੇਗੀ ਤੇ ਦੇਸ਼ ਦੀ ਸੱਤਾ ਉੱਤੇ ਕਬਜ਼ਾ ਕਰਨ ਅਤੇ ਫਿਰ ਕਬਜ਼ਾ ਕਾਇਮ ਰੱਖਣ ਵਾਸਤੇ ਮਦਦਗਾਰ ਹੋਵੇਗੀ। ਏਸੇ ਕਾਰਨ ਉਸ ਰਾਜਸੀ ਧਿਰ ਨੇ ਅੱਗ ਉਗਲੱਛਣ ਵਾਲੇ ਉਹ ਲੋਕ ਅੱਗੇ ਚੁੱਕ ਲਿਆਂਦੇ, ਜਿਹੜੇ ਓਦੋਂ ਤੱਕ ਆਸ਼ਰਮਾਂ ਤੇ ਡੇਰਿਆਂ ਅੰਦਰ ਆਪਣੇ ਮਨ ਦੀਆਂ ਭਾਵਨਾਵਾਂ ਦਾ ਛੱਟਾ ਦੇ ਕੇ ਮਾਨਸਿਕ ਤਸੱਲੀ ਕਰਦੇ ਰਹੇ ਸਨ। ਲੋਕ ਸਭਾ ਵਿੱਚ ਇੱਕ ਖਾਸ ਰੰਗ ਦੇ ਚੋਲਿਆਂ ਵਾਲੇ ਲੋਕਾਂ ਦੇ ਭਾਸ਼ਣ ਏਨੇ ਭਾਰੂ ਹੋਣ ਲੱਗ ਪਏ ਕਿ ਬਾਕੀਆਂ ਵਿੱਚੋਂ ਜੇ ਕੋਈ ਉਨ੍ਹਾਂ ਦੀ ਕਾਟ ਕਰਨ ਲਈ ਕੁਝ ਬੋਲਦਾ ਵੀ ਤਾਂ ਅੱਜਕੱਲ੍ਹ ਹੂਟਿੰਗ ਕਹੀ ਜਾਂਦੀ ਬੇਹੂਦਾ ਖੱਪ ਨਾਲ ਨੁੱਕਰੇ ਲਾਉਣ ਲਈ ਦੇਸ਼ ਦੀ ਪਾਰਲੀਮੈਂਟ ਵਿੱਚ ਵੀ ਤੇ ਨਾਲ ਗਲੀਆਂ-ਬਾਜ਼ਾਰਾਂ ਵਿੱਚ ਵੀ ਹੰਗਾਮੇ ਹੋਣ ਲੱਗ ਪੈਂਦੇ ਸਨ। ਨਤੀਜਾ ਇਹ ਨਿਕਲਿਆ ਕਿ ਅੱਜ ਇੱਕ ਜਾਂ ਦੂਸਰੇ ਧਰਮ ਦੇ ਨਾਂਅ ਉੱਤੇ ਜੋ ਮਰਜ਼ੀ ਤੇ ਜਿੰਨਾ ਮਰਜ਼ੀ ਭੜਕਾਊ ਊਟ-ਪਟਾਂਗ ਕਹੀ ਜਾਉ, ਪਰ ਇਸ ਦਾ ਵਿਰੋਧ ਕਰਨ ਲਈ ਕਿਸੇ ਨੇ ਜ਼ਬਾਨ ਵੀ ਖੋਲ੍ਹੀ ਤਾਂ ਹੋਸ਼ ਦੀ ਗੱਲ ਕਰਨ ਵਾਲੇਬੰਦੇ ਨੂੰ ਸਿੱਟੇ ਭੁਗਤਣੇ ਪੈ ਜਾਂਦੇ ਹਨ। ਧਰਮ-ਨਿਰਪੱਖ ਹੋਣ ਦੇ ਦਾਅਵੇ ਕਰਦੀਆਂ ਹਸਤੀਆਂ ਨੂੰ ਮਹਾਰਾਸ਼ਟਰ ਤੇ ਹੋਰਨਾਂ ਥਾਂਵਾਂ ਉੱਤੇ ਕਤਲ ਵੀ ਕੀਤਾ ਗਿਆ ਤੇ ਇਨ੍ਹਾਂ ਕਤਲਾਂ ਲਈ ਜਨੂੰਨ ਦੀ ਜੜ੍ਹ ਆਪਣੇ ਸਿਰਾਂ ਵਿੱਚ ਸੰਭਾਲੀ ਬੈਠੇ ਗੈਂਗਸਟਰਾਂ ਦੀ ਵਰਤੋਂ ਵੀਧਰਮ ਦੇ ਨਾਂਅ ਉੱਤੇ ਕੀਤੀ ਜਾਂਦੀ ਰਹੀ ਹੈ।

ਅਫਸੋਸਨਾਕ ਗੱਲ ਇਹ ਹੈ ਕਿ ਜਦੋਂ ਇਨ੍ਹਾਂ ਉਬਾਲਿਆਂ ਦੀ ਅਜੇ ਸ਼ੁਰੂਆਤ ਹੁੰਦੀ ਪਈ ਸੀ, ਜਿਹੜੀਆਂ ਧਿਰਾਂ ਨੂੰ ਇਸ ਦੀ ਸਮਝ ਸੀ ਤੇ ਰੋਕ ਸਕਣ ਵਾਲੀ ਲਾਮਬੰਦੀ ਵੀ ਕਰ ਸਕਦੀਆਂ ਸਨ, ਉਨ੍ਹਾਂ ਨੇ ਆਪਸੀ ਮੱਤਭੇਦਾਂ ਕਾਰਨ ਨਾ ਤਾਂ ਇਕੱਠੇ ਹੋਣ ਦਾ ਕੋਈ ਸਾਰਥਿਕ ਯਤਨ ਕੀਤਾ ਤੇ ਨਾ ਵਕਤ ਵੱਲੋਂ ਸਿਰ ਪਾਈ ਜ਼ਿਮੇਂਵਾਰੀ ਨਿਭਾਈ ਸੀ। ਕਦੇ ਇਸ ਦੇਸ਼ ਵਿੱਚ ਧਰਮ-ਨਿਰਪੱਖਤਾ ਨੂੰ ਸਮਾਜ ਦਾ ਗਹਿਣਾ ਕਿਹਾ ਜਾਂਦਾ ਸੀ ਤੇ ਇਸ ਦੇ ਖਿਲਾਫ ਬੋਲਣ ਲਈਕਦੀ ਕੋਈ ਸੋਚ ਤੱਕ ਨਹੀਂ ਸੀ ਸਕਦਾ, ਅੱਜ ਇਹ ਹਾਲਤ ਹੋ ਗਈ ਹੈ ਕਿ ਧਰਮ-ਨਿਰਪੱਖਤਾ ਨੂੰ ਗੈਰ-ਜ਼ਰੂਰੀ ਸ਼ਬਦ ਕਿਹਾ ਜਾਂਦਾ ਅਤੇ ਇਸ ਦੇਸ਼ ਦੀ ਸਰਬ ਉੱਚ ਅਦਾਲਤ, ਸੁਪਰੀਮ ਕੋਰਟ, ਵਿੱਚ ਚੁਣੌਤੀ ਦਿੱਤੀ ਜਾਂਦੀ ਹੈ। ਬੀਤੇ ਹਫਤੇ ਸੁਪਰੀਮ ਕੋਰਟ ਨੇ ਇਸ ਮੁੱਦੇ ਦਾ ਨਿਬੇੜਾ ਇੱਕ ਵਾਰੀ ਠੀਕ ਤਰ੍ਹਾਂ ਕਰ ਦਿੱਤਾ ਹੈ ਕਿ ਭਾਵੇਂ ਐਮਰਜੈਂਸੀ ਦੀਆਂ ਜ਼ਿਆਦਤੀਆਂ ਦੇ ਦੌਰ ਦੌਰਾਨ ਹੀ ਸੰਵਿਧਾਨ ਦੀ ਭੂਮਿਕਾ ਵਿੱਚ ਇਹ ਸ਼ਬਦ ਸ਼ਾਮਲ ਕੀਤਾ ਗਿਆ ਸੀ, ਧਰਮ-ਨਿਰਪੱਖਤਾ ਦਾ ਸੰਕਲਪ ਇਸ ਦੇਸ਼ ਦੀ ਨੀਂਹ ਦੀ ਇੱਟ ਮੰਨਣਾ ਚਾਹੀਦਾ ਹੈ, ਇਹ ਸੰਵਿਧਾਨ ਵਿੱਚੋਂ ਕੱਟਿਆ ਨਹੀਂ ਜਾ ਸਕਦਾ। ਸੁਪਰੀਮ ਕੋਰਟ ਦੇ ਜਿਨ੍ਹਾਂ ਜੱਜਾਂ ਨੇ ਇਹ ਫੈਸਲਾ ਦਿੱਤਾ ਹੈ, ਉਨ੍ਹਾਂਨੇ ਬਹੁਤ ਵੱਡੀ ਦਲੇਰੀ ਵਿਖਾਈ ਤੇ ਸ਼ੁਕਰ ਹੈ ਕਿ ਇਹ ਫੈਸਲਾ ਇਹੋ ਜਿਹੇ ਜੱਜਾਂ ਵਾਲੇ ਬੈਂਚ ਕੋਲ ਸੀ, ਜਿਨ੍ਹਾਂ ਨੂੰ ਭਾਰਤ ਦੇ ਭਵਿੱਖ ਅੱਗੇ ਟੋਏ ਪੁੱਟੇ ਜਾਂਦੇ ਦਿੱਸ ਪਏ ਹੋਣਗੇ। ਜੱਜ ਕੋਈ ਵੀ ਹੋਵੇ, ਫੈਸਲਾ ਇਸ ਦੇਸ਼ ਦੇ ਸੰਵਿਧਾਨ ਤੇ ਸੰਤੁਲਤ ਸੋਚਣੀ ਨਾਲ ਲਵੇ ਤਾਂ ਉਸ ਵਿੱਚ ਕੋਈ ਵਿੰਗ ਨਹੀਂ ਲੱਭ ਸਕਦਾ, ਪਰ ਹਾਲਾਤ ਜਿੱਧਰ ਜਾ ਰਹੇ ਹਨ, ਇਹੋ ਜਿਹੇ ਮਾਮਲੇ ਨਿਬੇੜਨ ਲਈ ਇਹੋ ਜਿਹੇ ਜੱਜ ਮਿਲ ਸਕਣੇ ਔਖੇ ਹੁੰਦੇ ਜਾਂਦੇ ਹਨ। ਪਤਾ ਨਹੀਂ ਅਗਲੇ ਸਮਿਆਂ ਵਿੱਚ ਸੰਵਿਧਾਨ ਦੀ ਇਹੋ ਜਿਹੇ ਪਹਿਰੇਦਾਰੀ ਕਰਨ ਵਾਲੇ ਜੱਜ ਸਾਨੂੰ ਮਿਲ ਵੀ ਸਕਣਗੇ ਜਾਂ ਨਹੀਂ।

ਅਸੀਂ ਲੋਕਾਂ ਨੇ ਭਾਰਤ ਦੇ ਪਿਛਲੇ ਚੀਫ ਜਸਟਿਸ ਡੀ ਵਾਈ ਚੰਦਰਚੂੜ ਦਾ ਤਜਰਬਾ ਵੇਖਿਆ ਹੋਇਆ ਹੈ। ਉਸ ਦੇ ਨਿਆਂ ਕਰਨ ਦੀ ਬੜੀ ਸ਼ੋਭਾ ਹੁੰਦੀ ਰਹੀ, ਪਰ ਇਸ ਪਦਵੀ ਤੋਂ ਆਪਣੀ ਸੇਵਾ ਮੁਕਤੀ ਤੋਂ ਪਹਿਲਾਂ ਉਹ ਬਹੁਤ ਸਾਰੇ ਵਿਵਾਦਾਂ ਵਿੱਚ ਘਿਰ ਗਏ ਸਨ ਤਾਂ ਅਯੁੱਧਿਆ ਵਿੱਚ ਰਾਮ ਮੰਦਰ ਤੇ ਬਾਬਰੀ ਮਸਜਿਦ ਦੇ ਅਹਿਮ ਕੇਸ ਦੇ ਫੈਸਲੇ ਲਈ ਭਗਵਾਨ ਤੋਂ ਜਾ ਕੇ ਪ੍ਰੇਰਨਾ ਮੰਗਣ ਤੇ ਉਸ ਨਾਲਇਸ ਕੇਸ ਦਾ ਨਿਬੇੜਾ ਕਰਨ ਵਾਲਾ ਵਿਵਾਦ ਛੇੜ ਲਿਆ ਸੀ। ਇਹ ਸਵਾਲ ਚਰਚਾ ਦਾ ਵਿਸ਼ਾ ਬਣਨ ਤੋਂ ਨਹੀਂ ਸੀ ਰਹਿ ਸਕਿਆ ਕਿ ਜੇ ਜਸਟਿਸ ਚੰਦਰਚੂੜ ਦੀ ਜਗ੍ਹਾ ਕੋਈ ਕਿਸੇ ਹੋਰ ਸੋਚ ਤੇ ਅਕੀਦੇ ਵਾਲਾ ਜੱਜ ਉਸੇ ਕੇਸ ਦੇ ਮਾਰਗ-ਦਰਸ਼ਨ ਲਈ ਭਗਵਾਨ ਦੇ ਆਪਣੀ ਪਸੰਦ ਵਾਲੇ ਰੂਪ ਅੱਗੇ ਇਹੋ ਬੇਨਤੀ ਲੈ ਕੇ ਚਲਾ ਜਾਂਦਾ ਤਾਂ ਉਸ ਦਾਭਗਵਾਨ ਕੋਈ ਹੋਰ ਫੈਸਲਾ ਵੀ ਕਰਵਾ ਸਕਦਾ ਸੀ। ਸਵਾਲ ਇਹ ਪੁੱਛਿਆ ਜਾਣ ਲੱਗਾ ਸੀ ਕਿ ਅਦਾਲਤ ਦੇ ਫੈਸਲੇ ਸੰਵਿਧਾਨ ਪੜ੍ਹ ਕੇ ਹੋਇਆ ਕਰਨਗੇ ਜਾਂ ਇੱਕ ਖਾਸ ਧਰਮ ਵਾਲੇਭਗਵਾਨ ਵੱਲੋਂ ਦਿੱਤੀ-ਅਣਦਿੱਤੀ, ਪਰ ਬਹੁਤ ਪ੍ਰਚਾਰੀ ਗਈ ਸੇਧ ਮੁਤਾ-ਬਕ ਹੋਇਆ ਕਰਨਗੇ! ਜਿਹੜੀ ਧਿਰੀ ਨੇ ਚਾਲੀ ਕੁ ਸਾਲ ਪਹਿਲਾਂ ਇੱਕ ਰੱਥ ਚਲਾਇਆ ਅਤੇ ਫਿਰ ਉਸ ਰੱਥ ਦੀ ਕਮਾਈ ਨਾਲ ਦੇਸ਼ ਦੀ ਸੱਤਾ ਹਾਸਲ ਕਰਨ ਦਾ ਫਾਰਮੂਲਾ ਪਰਖ ਲਿਆ ਸੀ, ਉਨ੍ਹਾਂ ਨੇ ਆਪਣੀ ਸੋਚ ਅਯੁੱਧਿਆ ਦੀ ਬਾਬਰੀ ਮਸਜਿਦ ਢਾਹੁਣ ਤੱਕ ਸੀਮਤ ਨਹੀਂ ਰੱਖੀ। ਮਸਜਿਦ ਨੂੰ ਢਾਹੁਣ ਦੇ ਵਕਤ ਹੀ ਦੋ ਸਾਧਵੀਆਂ ਨੇ 'ਤੀਨ ਨਹੀਂ, ਅਬ ਤੀਸ ਹਜ਼ਾਰ' ਦਾ ਨਾਅਰਾ ਦੇ ਕੇ ਭਾਰਤ ਵਿੱਚ ਦੂਸਰੀ ਵੱਡੀ ਧਾਰਮਿਕ ਘੱਟ-ਗਿਣਤੀ ਦੇ ਖਿਲਾਫ ਸੰਘਰਸ਼ ਦੀ ਲਗਾਤਾਰਤਾ ਦਾ ਐਲਾਨ ਕਰ ਦਿੱਤਾ ਸੀ। ਜਦੋਂ ਜਸਟਿਸ ਚੰਦਰਚੂੜ ਦੇ ਬੈਂਚ ਵੱਲੋਂ ਅਯੁੱਧਿਆ ਵਾਲੇ ਕੇਸ ਦਾ ਫੈਸਲਾ ਆਇਆ, ਉਸ ਨੂੰ ਆਪਣੀ ਇੱਕ ਹੋਰ ਜਿੱਤ ਮੰਨ ਕੇ ਇਸ ਰਾਜਨੀਤੀ ਵਾਲੀ ਧਿਰ ਨੇ ਮਥੁਰਾ, ਵਾਰਾਣਸੀ ਤੇ ਉਸ ਤੋਂ ਬਾਅਦ ਕਈ ਹੋਰ ਥਾਂਵਾਂ ਉੱਤੇ ਏਦਾਂ ਦੇ ਵਿਵਾਦ ਛੇੜਨੇ ਅਤੇ ਹਰ ਵਿਵਾਦ ਨੂੰ ਅਦਾਲਤ ਵਿੱਚ ਸਰਵੇਖਣ ਦੀ ਮੰਗ ਨਾਲ ਨਵੇਂ ਨਿਸ਼ਾਨੇ ਮਿਥਣੇ ਆਰੰਭ ਕਰ ਦਿੱਤੇ ਤੇ ਕੋਈ ਰੋਕਣ ਵਾਲਾ ਨਹੀਂ ਦਿੱਸਦਾ।

ਇਹੋ ਜਿਹੇ ਹਾਲਾਤ ਵਿੱਚ ਪਿਛਲੇ ਹਫਤੇ ਧਰਮ-ਨਿਰਪੱਖਤਾ ਬਾਰੇ ਸੁਪਰੀਮ ਕੋਰਟ ਦੇ ਜੱਜਾਂ ਵੱਲੋਂ ਦਿੱਤਾ ਗਿਆ ਤਾਜ਼ਾ ਫੈਸਲਾ ਭਾਰਤ ਦੇ ਭਵਿੱਖ ਦਾ ਭਲਾ ਸੋਚਣ ਵਾਲੀਆਂ ਧਿਰਾਂ ਦਾ ਹੌਸਲਾ ਬੰਨ੍ਹਾਉਣ ਵਾਲਾ ਕਿਹਾ ਜਾ ਸਕਦਾ ਹੈ, ਪਰ ਦੇਸ਼ ਦੇ ਮਾਹੌਲ ਵਿੱਚ ਜਿਹੜਾ ਵਿਗਾੜ ਪੈ ਚੁੱਕਾ ਹੈ, ਉਸ ਅੱਗੇ ਇਹ ਇੱਕ ਛੋਟਾ ਜਿਹਾ ਫੈਸਲਾ ਹੈ। ਜਿੱਡਾ ਵੱਡਾ ਵਿਗਾੜ ਪੈ ਚੁੱਕਾ ਹੈ, ਉਸ ਦੇ ਹੁੰਦਿਆਂ ਰਾਹੀ ਮਾਸੂਮ ਰਜ਼ਾ ਵੱਲੋਂ ਕਮਲੇਸ਼ਵਰ ਨੂੰ ਲਿਖੇ ਸ਼ਬਦ ਯਾਦ ਫਿਰ ਆਉਂਦੇ ਹਨ, "ਯਾਰ ਕਮਲੇਸ਼ਵਰ, ਯੇ ਮੌਸਮ ਖਤਮ ਹੋਨੇ ਕਾ ਨਾਮ ਹੀ ਨਹੀਂ ਲੇ ਰਹਾ।" ਭਾਰਤ ਉਸ ਦਿਨ ਦੀ ਉਡੀਕ ਕਰ ਸਕਦਾ ਹੈ, ਪਰ ਸਿਰਫ ਉਡੀਕ ਨਾਲ ਮੌਸਮ ਨਹੀਂ ਬਦਲ ਜਾਣਾ। ਮੌਸਮ ਬਦਲਣ ਦਾ ਦਿਨ ਲਿਆਉਣ ਲਈ ਯਤਨ ਵੀ ਆਖਰ ਕਿਸੇ ਨਾ ਕਿਸੇ ਨੂੰ ਕਰਨੇ ਪੈਣਗੇ।ਕਹਿ ਤਾਂ ਦੇਂਦੇ ਹਾਂ ਕਿ ਕਿਸੇ ਨਾ ਕਿਸੇ ਨੂੰ ਇਹ ਕੁਝ ਕਰਨਾ ਪਊਗਾ, ਪਰ ਕਰਨ ਵਾਲਾ ਕੌਣ ਹੋ ਸਕਦਾ ਹੈ, ਉਸ ਦੇ ਨਾਲ ਕੌਣ-ਕੌਣ ਖੜੋ ਸਕਦੇ ਹਨ, ਇਸ ਦਾ ਹਾਲੇ ਝੌਲਾ ਨਹੀਂ ਪੈਂਦਾ।ਆਪਣੀ ਤਸੱਲੀ ਲਈ ਵਾਰ-ਵਾਰ ਕਹੀ ਜਾਂਦੀ ਗੱਲ ਇੱਕ ਵਾਰ ਫਿਰ ਦੁਹਰਾ ਸਕਦੇ ਹਾਂ ਕਿ ਉਹ ਦਿਨ ਆਊਗਾ ਜ਼ਰੂਰ, ਇੱਕ ਵਾਰ ਹੋਰ ਕਹਿ ਦੇਣ ਤੋਂ ਸਾਨੂੰ ਕੋਈ ਹਰਜ਼ ਨਹੀਂ, ਪਰ ਇਹੋ ਜਿਹੀ ਕੋਈ ਧਿਰ ਪਹਿਲ ਤਾਂ ਕਰੇ। ਕੌਣ ਕਰੇਗਾ ਇਹ ਪਹਿਲ!


# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us





# CAPITAL DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




## ਸ਼ਿਕਾਇਤਾਂ ਦੇ ਹੱਲ ਲਈ ਹਰੇਕ ਮਹੀਨੇ ਦੇ ਪਹਿਲੇ ਹਫਤੇ ਹੋਇਆ ਕਰੇਗੀ 'ਆਨਲਾਈਨ ਐਨ.ਆਰ.ਆਈ.ਮਿਲਣੀ' : ਧਾਲੀਵਾਲ

ਕਿਹਾ, ਸਾਲ 2025 ਦੇ ਜਨਵਰੀ ਮਹੀਨੇ ਦੀ ਆਨਲਾਈਨ ਮਿਲਣੀ 6 ਜਨਵਰੀ ਨੂੰ ਹੋਵੇਗੀ



ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ ਤਾਂ ਜੋ ਬਿਨ੍ਹਾਂ ਕਿਸੇ ਖੱਜਲ ਖੁਆਰੀ ਤੋਂ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਛੇਤੀ ਤੇ ਸਾਰਥਕ ਹੱਲ ਕੀਤਾ ਜਾ ਸਕੇ।

ਅੱਜ ਸਵੇਰੇ 11:00 ਵਜੇ ਕੀਤੀ 'ਆਨਲਾਈਨ ਐਨ.ਆਰ.ਆਈ. ਮਿਲਣੀ' ਮੌਕੇ ਪੰਜਾਬ ਦੇ ਐਨ.ਆਰ.ਆਈ ਮਾਮਲਿਆਂ ਬਾਰੇ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਇਹ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪ੍ਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਹਰ ਮਹੀਨੇ ਦੇ ਪਹਿਲੇ ਹਫਤੇ 'ਆਨਲਾਈਨ ਐਨ.ਆਰ.ਆਈ. ਮਿਲਣੀ' ਹੋਇਆ ਕਰੇਗੀ ਅਤੇ ਅਗਲੇ ਸਾਲ ਦੇ ਜਨਵਰੀ ਮਹੀਨੇ ਦੀ ਆਨਲਾਈਨ ਮਿਲਣੀ 6 ਜਨਵਰੀ, 2025 ਨੂੰ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਦੇਸ਼ ਭਰ 'ਚ ਇਸ ਕਿਸਮ ਦੀ ਪਹਿਲੀ ਆਨਲਾਈਨ ਐਨ.ਆਰ.ਆਈ ਮਿਲਣੀ ਹੈ।

ਧਾਲੀਵਾਲ ਨੇ ਅੱਜ ਪ੍ਰਾਪਤ ਹੋਈਆਂ ਪ੍ਰਵਾਸੀ ਪੰਜਾਬੀਆਂ ਦੀਆਂ 85 ਸ਼ਿਕਾਇਤਾਂ ਲਈ ਸਬੰਧਤ ਸਿਵਲ ਅਤੇ ਪੁਲੀਸ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਹਦਾਇਤਾਂ ਦਿੱਤੀਆਂ ਅਤੇ ਬਕਾਇਆ ਸ਼ਿਕਾਇਤਾਂ ਦਾ ਹੱਲ ਛੇਤੀ ਤੋਂ ਛੇਤੀ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ।

ਧਾਲੀਵਾਲ ਨੇ ਦੱਸਿਆ ਕਿ ਜ਼ਿਆਦਾਤਰ ਸ਼ਿਕਾਇਤਾਂ ਮਾਲ ਅਤੇ ਪੁਲੀਸ ਵਿਭਾਗ ਨਾਲ ਸਬੰਧਤ ਹਨ, ਜਦਕਿ 20 ਫੀਸਦੀ ਸ਼ਿਕਾਇਤਾਂ ਪਹਿਲਾਂ ਹੀ ਵੱਖ-ਵੱਖ ਅਦਾਲਤਾਂ ਵਿੱਚ ਸੁਣਵਾਈ ਅਧੀਨ ਹਨ। ਉਨ੍ਹਾਂ ਦੱਸਿਆ ਕਿ ਸਮੂਹ ਜ਼ਿਲ੍ਹਿਆਂ ਦੇ ਡੀ.ਸੀਜ ਅਤੇ ਐਸ.ਐਸ.ਪੀਜ ਨੂੰ ਪ੍ਰਵਾਸੀਆਂ ਪੰਜਾਬੀਆਂ ਦੀਆਂ ਸ਼ਿਕਾਇਤਾਂ ਨੂੰ ਪਹਿਲ ਅਧਾਰ 'ਤੇ ਹੱਲ ਕਰਨ ਲਈ ਵੀ ਕਿਹਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਮੂਹ ਡਿਪਟੀ ਕਮਿਸ਼ਨਰਾਂ ਦੀ ਅਗਵਾਈ ਵਿੱਚ ਪਹਿਲਾਂ ਵੀ ਜ਼ਿਲ੍ਹਾਂ ਪੱਧਰੀ ਕਮੇਟੀਆਂ ਬਣਾਈਆਂ ਗਈਆਂ ਹਨ, ਜੋ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਕਰਕੇ ਪ੍ਰਵਾਸੀਆਂ ਦੇ ਮਸਲੇ ਹੱਲ ਕਰਨ ਲਈ ਪਾਬੰਦ ਕੀਤੇ ਹੋਏ ਹਨ।

ਇਸ ਮੌਕੇ ਐਨ.ਆਰ.ਆਈ. ਮਾਮਲਿਆਂ ਦੇ ਪ੍ਰਮੁੱਖ ਸਕੱਤਰ ਸ੍ਰੀ ਦਿਲੀਪ ਕੁਮਾਰ, ਕਮਿਸ਼ਨਰ ਜਲੰਧਰ ਅਤੇ ਸਕੱਤਰ ਐਨ.ਆਰ.ਆਈ ਸਭਾ, ਪੰਜਾਬ ਪ੍ਰਦੀਪ ਸੱਭਰਵਾਲ, ਚੇਅਰਪਰਸਨ ਐਨ.ਆਰ.ਆਈ ਸਭਾ ਪੰਜਾਬ ਪਰਮਿੰਦਰ ਕੌਰ, ਡੀ.ਆਈ.ਜੀ. ਐਨ.ਆਰ.ਆਈ. ਰਾਜਪਾਲ ਸਿੰਘ ਸੰਧੂ, ਏ.ਆਈ.ਜੀ.ਅਜਿੰਦਰ ਸਿੰਘ ਤੋਂ ਐਨ.ਆਰ.ਆਈ ਵਿਭਾਗ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਪੰਜਾਬ ਦੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਨੇ ਸਿਲਕ ਮਾਰਕ ਐਕਸਪੋ- 2024 ਦਾ ਕੀਤਾ ਉਦਘਾਟਨ

**ਸਿਲਕ ਇਨੋਵੇਸ਼ਨ ਦਾ ਸ਼ਾਨਦਾਰ ਪ੍ਰਦਰਸ਼ਨ, ਰੇਸ਼ਮ ਦੀ ਖੇਤੀ ਰਾਹੀਂ ਪੇਂਡੂ ਭਾਈਚਾਰਿਆਂ ਨੂੰ ਪ੍ਰਫੁੱਲਿਤ ਕਰਨਾ ਹੈ ਸਮਾਗਮ ਦਾ ਮੁੱਖ ਉਦੇਸ਼**

ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਨੇ ਬੁੱਧਵਾਰ ਨੂੰ ਚੰਡੀਗੜ੍ਹ ਦੇ ਸੈਕਟਰ 35-ਏ ਵਿੱਚ ਸਥਿਤ ਕਿਸਾਨ ਭਵਨ ਵਿਖੇ ਸਿਲਕ ਐਕਸਪੋ -2024 ਦਾ ਉਦਘਾਟਨ ਕੀਤਾ। ਸਿਲਕ ਮਾਰਕ ਆਰਗੇਨਾਈਜੇਸ਼ਨ ਆਫ ਇੰਡੀਆ, ਸੈਂਟਰਲ ਸਿਲਕ ਬੋਰਡ ਵੱਲੋਂ ਪੰਜਾਬ ਅਤੇ ਹਰਿਆਣਾ ਦੇ ਬਾਗਬਾਨੀ ਵਿਭਾਗਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਇਹ ਪਹਿਲਾ ਸਮਾਗਮ ਹੈ। ਮੰਤਰੀ ਨੇ ‘ ਦਾ ਜਰਨੀ ਆਫ਼ ਸੈਰੀਕਲਚਰ ਇਨ ਪੰਜਾਬ’ ਸਿਰਲੇਖ ਵਾਲਾ ਬਰੋਸ਼ਰ ਵੀ ਜਾਰੀ ਕੀਤਾ। ਇਹ ਸੂਬੇ ਵਿੱਚ ਰੇਸ਼ਮ ਦੀ ਖੇਤੀ ਦੇ ਵਿਕਾਸ, ਪਹਿਲਕਦਮੀਆਂ ਅਤੇ ਪ੍ਰਾਪਤੀਆਂ ਨੂੰ ਉਜਾਗਰ ਕਰਦਾ ਹੈ। ਇਸ ਐਕਸਪੋ ਦਾ ਉਦੇਸ਼ ਰੇਸ਼ਮ ਦੀ ਖੇਤੀ ਨੂੰ ਹੁਲਾਰਾ ਦੇਣਾ ਅਤੇ ਦੇਸ਼ ਭਰ ਦੇ ਕਾਰੀਗਰਾਂ ਅਤੇ ਵਪਾਰੀਆਂ ਨੂੰ ਇੱਕ ਢੁਕਵਾਂ ਮੰਚ ਪ੍ਰਦਾਨ ਕਰਨਾ ਹੈ।

ਸਮਾਗਮ ਦੀ ਸ਼ੁਰੂਆਤ ਦੀਪ ਜਗਾਉਣ ਦੀ ਰਸਮ ਨਾਲ ਹੋਈ, ਜੋ ਗਿਆਨ ਅਤੇ ਖੁਸ਼ਹਾਲੀ ਦਾ ਪ੍ਰਤੀਕ ਮੰਨਿਆਂ ਜਾਂਦਾ ਹੈ। ਇਸ ਸਮਾਗਮ ਵਿੱਚ ਸਕੱਤਰ ਬਾਗਬਾਨੀ ਸ੍ਰੀ ਅਜੀਤ ਬਾਲਾਜੀ ਜੋਸ਼ੀ, ਕੇਂਦਰੀ ਸਿਲਕ ਬੋਰਡ ਦੇ ਮੈਂਬਰ ਸਕੱਤਰ ਸ੍ਰੀ ਪੀ. ਸਿਵਾਕੁਮ-ਾਰ ਅਤੇ ਪੰਜਾਬ ਬਾਗਬਾਨੀ ਡਾਇਰੈਕਟਰ ਸ੍ਰੀਮਤੀ ਸ਼ੈਲੇਂਦਰ ਕੌਰ ਸਮੇਤ ਹੋਰ ਪਤਵੰਤਿਆਂ ਨੇ ਸ਼ਿਰਕਤ ਕੀਤੀ।

ਇਕੱਠ ਨੂੰ ਸੰਬੋਧਨ ਕਰਦਿਆਂ ਮੰਤਰੀ ਮਹਿੰਦਰ ਭਗਤ ਨੇ ਰੇਸ਼ਮ ਦੀ ਖੇਤੀ ਵਿੱਚ ਪੰਜਾਬ ਦੀ ਸ਼ਾਨਦਾਰ ਤਰੱਕੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਰੇਸ਼ਮ ਦਾ ਉਤਪਾਦਨ ਪੰਜਾਬ ਦੇ ਚਾਰ ਜ਼ਿਲ੍ਹਿਆਂ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਰੋਪੜ ਵਿੱਚ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ 13 ਸਰਕਾਰੀ ਸੈਰੀਕਲਚਰ ਫਾਰਮ ਹਨ, ਜਿੱਥੇ ਤਕਨੀਕੀ ਸਟਾਫ਼ ਦੇ ਸਹਿਯੋਗ ਨਾਲ ਰੇਸ਼ਮ ਦੇ ਕੀੜੇ ਪਾਲਣ ਦਾ ਕੰਮ ਕੀਤਾ ਜਾਂਦਾ ਹੈ।

ਮੰਤਰੀ ਭਗਤ ਨੇ ਕਿਹਾ, “ਪੰਜਾਬ ਵਿੱਚ ਕੋਕੂਨ ਦੀ ਕੀਮਤ 550 ਰੁਪਏ ਪ੍ਰਤੀ ਕਿਲੋਗ੍ਰਾਮ ਤੋਂ ਵੱਧ ਕੇ 1,250 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ ਹੈ, ਇਹ ਸਰਕਾਰੀ ਯਤਨਾਂ ਸਦਕਾ ਸੰਭਵ ਹੋਇਆ ਹੈ। ਸਰਕਾਰ ਵੱਲੋਂ ਰੇਸ਼ਮ ਦੇ ਕਾਸ਼ਤਕਾਰਾਂ ਵਿਸ਼ੇਸ਼ ਕਰਕੇ ਇਸ ਖੇਤਰ ਨਾਲ ਜੁੜੀਆਂ ਔਰਤਾਂ ਨੂੰ ਢੁਕਵਾਂ ਮੁਆਵਜ਼ਾ ਦੇਣ ਨੂੰ ਯਕੀਨੀ ਬਣਾਇਆ ਗਿਆ ਹੈ। ਸੂਬਾ ਪੇਂਡੂ ਭਾਈਚਾਰਿਆਂ ਨੂੰ ਉੱਚਾ ਚੁੱਕਣ ਲਈ ਇਸ ਖੇਤਰ ਦਾ ਵਿਸਥਾਰ ਕਰਨ ਲਈ ਵਚਨਬੱਧ ਹੈ।”

ਮੰਤਰੀ ਭਗਤ ਨੇ ‘ਸਕੋਚ ਨੈਸ਼ਨਲ ਐਵਾਰਡ -2024 ’ ਵੱਕਾਰੀ ਸਿਲਵਰ ਐਵਾਰਡ ਜਿੱਤਣ ਦੇ ਨਾਲ-ਨਾਲ ਸੈਰੀਕਲਚਰ ਦੇ ਖੇਤਰ ਵਿੱਚ ਪੰਜਾਬ ਦੀਆਂ ਪ੍ਰਾਪਤੀਆਂ ਦੀ ਵੀ ਸ਼ਲਾਘਾ ਕੀਤੀ । ਇਹ ਪੁਰਸਕਾਰ ਰੇਸ਼ਮ ਦੀ ਖੇਤੀ ਪ੍ਰੋਜੈਕਟ ਰਾਹੀਂ “ਮਹਿਲਾ ਸਸ਼ਕਤੀਕਰਨ ਅਤੇ ਸਮਾਜਿਕ-ਆਰਥਿਕ ਵਿਕਾਸ” ਨੂੰ ਉਤਸ਼ਾਹਿਤ ਕਰਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਰਾਜ ਨੇ ਆਪਣੇ ਰੇਸ਼ਮ ਦੀ ਖੇਤੀ ਦੇ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਸੁਧਾਰ ਕੀਤਾ ਹੈ, ਜਿਸ ਵਿੱਚ ਕੋਕੂਨ ਦਾ ਉਤਪਾਦਨ ਸਾਲਾਨਾ 29,000 ਕਿਲੋ ਤੱਕ ਪਹੁੰਚ ਗਿਆ ਹੈ। ‘ ਪੰਜਾਬ ਸਿਲਕ’ ਬ੍ਰਾਂਡ ਨੂੰ ਲਾਂਚ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਸਿਲਕ ਰੀਲਿੰਗ ਯੂਨਿਟ ਸਥਾਪਤ ਕਰਨ ਦੀਆਂ ਯੋਜਨਾਵਾਂ ਵੀ ਚੱਲ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਖੇਤਰ ਨੂੰ ਹੋਰ ਹੁਲਾਰਾ ਦੇਣ ਲਈ ਕਿਸਾਨਾਂ ਨੂੰ ਰੇਸ਼ਮ ਦੇ ਕੀੜੇ ਪਾਲਣ ਦੇ ਸ਼ੈੱਡਾਂ,



ਲੋੜੀਂਦਾ ਸਾਜ਼ੋ-ਸਾਮਾਨ ਆਦਿ ਲਈ 65% ਤੱਕ ਦੀ ਸਬਸਿਡੀ ਦੇ ਨਾਲ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਰੇਸ਼ਮ ਦੀ ਖੇਤੀ ਕਰਨ ਵਾਲੇ ਕਿਸਾਨਾਂ ਵਿੱਚ 60 ਫੀਸਦ ਤੋਂ ਵੱਧ ਔਰਤਾਂ ਹਨ।

ਮੰਤਰੀ ਨੇ ਇਹ ਵੀ ਦੱਸਿਆ ਕਿ ਸਰਕਾਰ ਨੇ ਰਾਜ ਪੱਧਰ ’ਤੇ ਰੇਸ਼ਮ ਦੇ ਬੀਜ ਉਤਪਾਦਨ ਨੂੰ ਸਮਰੱਥ ਬਣਾਉਣ ਅਤੇ ਰੇਸ਼ਮ ਕਾਸ਼ਤਕਾਰਾਂ ਨੂੰ ਇਹ ਬੀਜ ਮਾਮੂਲੀ ਕੀਮਤਾਂ ’ਤੇ ਮੁਹੱਈਆ ਕਰਵਾਉਣ ਲਈ ਡਲਹੌਜ਼ੀ ਵਿੱਚ ਬੰਦ ਪਏ ਸਿਲਕ ਸੀਡ ਪਰੋਡਕਸ਼ਨ ਸੈਂਟਰ ਨੂੰ ਮੁੜ ਕਾਰਜਸ਼ੀਲ ਕਰ ਦਿੱਤਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੇਂਡੂ ਭਾਈਚਾਰਿਆਂ ਨੂੰ ਸਮਰੱਥ ਬਣਾਉਣ , ਢੁਕਵੀਂ ਉਪਜੀਵਕਾ ਕਮਾਉਣ ਅਤੇ ਰੇਸ਼ਮ ਉਦਯੋਗ ਨੂੰ ਮਜ਼ਬੂਤ ਕਰਨ, ਇਸ ਦੇ ਵਿਕਾਸ ਅਤੇ ਵਿਸ਼ਵ ਪੱਧਰ ’ਤੇ ਮਾਨਤਾ ਨੂੰ ਯਕੀਨੀ ਬਣਾ ਰਹੀ ਹੈ।

ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਬਾਗਬਾਨੀ ਦੇ ਸਕੱਤਰ ਬਾਗਬਾਨੀ ਸ੍ਰੀ ਅਜੀਤ ਬਾਲਾਜੀ ਜੋਸ਼ੀ ਨੇ ਰੇਸ਼ਮ ਕਿਸਾਨਾਂ ਅਤੇ ਕਾਰੀਗਰਾਂ ਦੀ ਰੋਜ਼ੀ-ਰੋਟੀ ਨੂੰ ਵਧਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਲਕ ਐਕਸਪੋ ਵਰਗੀਆਂ ਪਹਿਲਕਦਮੀਆਂ ਦਾ ਉਦੇਸ਼ ਰੇਸ਼ਮ ਉਦਯੋਗ ਨੂੰ ਹੁਲਾਰਾ ਦੇਣਾ ਅਤੇ ਪੇਂਡੂ ਭਾਈਚਾਰਿਆਂ, ਖਾਸ ਕਰਕੇ, ਰਾਜ ਵਿੱਚ ਰੇਸ਼ਮ ਵਪਾਰ ਨਾਲ ਜੁੜੀਆਂ ਔਰਤਾਂ ਲਈ ਟਿਕਾਊ ਮੌਕੇ ਪੈਦਾ ਕਰਨਾ ਹੈ।

ਕੇਂਦਰੀ ਰੇਸ਼ਮ ਬੋਰਡ ਦੇ ਮੈਂਬਰ ਸਕੱਤਰ ਸ੍ਰੀ ਪੀ. ਸ੍ਵਿਕੁਮਾਰ ਨੇ ਰੇਸ਼ਮ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਰੇਸ਼ਮ ਦੀ ਖੇਤੀ ਦੀਆਂ ਗਤੀਵਿਧੀਆਂ ਨੂੰ ਵਧਾਉਣ ਲਈ ਕੇਂਦਰੀ ਰੇਸ਼ਮ ਬੋਰਡ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਮੌਕੇ ਬਾਗਬਾਨੀ ਵਿਭਾਗ ਦੀ ਡਾਇਰੈਕਟਰ ਸ੍ਰੀਮਤੀ ਸ਼ੈਲੇਂਦਰ ਕੌਰ ਨੇ ਰੇਸ਼ਮ ਦੀ ਖੇਤੀ ਵਿੱਚ ਸੂਬੇ ਦੀ ਤਰੱਕੀ ਅਤੇ ਸਰਕਾਰੀ ਪਹਿਲਕਦਮੀਆਂ ਅਤੇ ਸਹਾਇਤਾ ਰਾਹੀਂ ਕਿਸਾਨਾਂ ਨੂੰ ਸਮਰੱਥ ਬਣਾਉਣ ਵਿੱਚ ਇਸਦੀ ਭੂਮਿਕਾ ਬਾਰੇ ਦੱਸਿਆ।

ਸਮਾਗਮ ਦੌਰਾਨ, ਪੰਜਾਬ ਦੇ ਬਾਗਬਾਨੀ ਖੇਤਰ ਦੀਆਂ ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ ਨੂੰ ਦਰਸਾਉਂਦੀ ਇੱਕ ਸੰਖੇਪ ਵੀਡੀਓ ਦਿਖਾਈ ਗਈ।

ਸਮਾਗਮ ਤੋਂ ਪਹਿਲਾਂ ਮੰਤਰੀ ਮਹਿੰਦਰ ਭਗਤ ਨੇ ਕਈ ਰਾਜ ਦੇ ਸਟਾਲਾਂ ਦਾ ਦੌਰਾ ਕੀਤਾ ਅਤੇ ਕਾਰੀਗਰਾਂ ਤੇ ਪ੍ਰਦਰਸ਼ਨੀ ਕਾਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਕਾਰੀਗਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਖੇਤਰੀ ਸ਼ਿਲਪਕਾਰੀ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਪ੍ਰਦਰਸ਼ਨਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ।

9 ਦਸੰਬਰ ਤੱਕ ਚੱਲਣ ਵਾਲੇ ਇਸ ਸਿਲਕ ਐਕਸਪੋ ਵਿੱਚ ਪੰਜਾਬ, ਕਰਨਾਟਕ, ਉੱਤਰ ਪ੍ਰਦੇਸ਼, ਉੱਤਰਾਖੰਡ, ਪੱਛਮੀ ਬੰਗਾਲ, ਝਾਰਖੰਡ, ਛੱਤੀਸਗੜ੍ਹ ਅਤੇ ਬਿਹਾਰ ਵਰਗੇ ਰਾਜਾਂ ਦੇ ਕਾਰੀਗਰਾਂ ਅਤੇ ਵਪਾਰੀਆਂ ਵੱਲੋਂ ਸਟਾਲ ਲਗਾਏ ਗਏ ਹਨ। ਕੇਂਦਰੀ ਸਿਲਕ ਬੋਰਡ ਦੇ ਅਧੀਨ ਰਜਿਸਟਰਡ ਸੰਸਥਾਵਾਂ ਸਾੜੀਆਂ, ਸਟਾਲਾਂ ਅਤੇ ਘਰੇਲੂ ਸਜਾਵਟ ਦੀਆਂ ਵਸਤੂਆਂ ਸਮੇਤ ਸ਼ੁੱਧ ਰੇਸ਼ਮ ਉਤਪਾਦਾਂ ਦੀ ਇੱਕ ਕਿਸਮ ਦਾ ਪ੍ਰਦਰਸ਼ਨ ਵੀ ਕਰ ਰਹੀਆਂ ਹਨ।

ਇਨਾਮ ਵੰਡ ਸਮਾਰੋਹ ਦੌਰਾਨ ਮੰਤਰੀ ਮਹਿੰਦਰ ਭਗਤ ਨੇ ਰੇਸ਼ਮ ਦੀ ਖੇਤੀ ਨੂੰ ਅੱਗੇ ਵਧਾਉਣ ਅਤੇ ਕਿਸਾਨਾਂ ਦੀ ਭਲਾਈ ਵਿੱਚ ਸਹਾਇਤਾ ਕਰਨ ਲਈ ਸਮਰਪਿਤ ਯਤਨਾਂ ਲਈ ਵਿਭਾਗੀ ਅਧਿਕਾਰੀਆਂ ਸਮੇਤ ਰੇਸ਼ਮ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਵੀ ਕੀਤਾ।

ਇਸ ਸਮਾਗਮ ਦੌਰਾਨ ਹਾਜ਼ਰ ਹੋਰਨਾਂ ਵਿੱਚ ਪ੍ਰਮੁੱਖ ਤੌਰ ’ਤੇ ਵਿਭਾਗ ਮੁਖੀ (ਵਿਸ਼ੇਸ਼) ਬਾਗਬਾਨੀ ਹਰਿਆਣਾ ਡਾ. ਅਰਜੁਨ ਸਿੰਘ ਸੈਣੀ, ਸੰਯੁਕਤ ਡਾਇਰੈਕਟਰ ਪੰਜਾਬ ਬਾਗਬਾਨੀ ਡਾ. ਤਜਿੰਦਰ ਸਿੰਘ ਬਾਜਵਾ, ਵਿਗਿਆਨੀ ਕੇਂਦਰੀ ਰੇਸ਼ਮ ਬੋਰਡ (ਸੀ.ਐਸ.ਬੀ.) ਐਨ.ਐਸ. ਗਹਿਲੋਤ, ਉਪ ਸਕੱਤਰ ਸੀ.ਐਸ.ਬੀ.ਦਸਰਥੀ ਬੇਹੇਰਾ, ਡੀ.ਡੀ.ਐਚ-ਕਮ-ਨੋਡਲ ਅਫ਼ਸਰ ਪੰਜਾਬ ਸੇਰੀਕਲਚਰ ਡਾ: ਦਲਬੀਰ ਸਿੰਘ, ਡਿਪਟੀ ਡਾਇਰੈਕਟਰ ਪੰਜਾਬ ਬਾਗਬਾਨੀ ਡਾ: ਹਰਪ੍ਰੀਤ ਸਿੰਘ ਸੇਠੀ, ਡੀ.ਡੀ.ਐਚ-ਕਮ-ਸੈਰੀਕਲਚਰ ਅਫ਼ਸਰ ਸੁਜਾਨਪੁਰ ਡਾ: ਸ਼ੰਮੀ ਕੁਮਾਰ, ਏ.ਡੀ.ਐਚ.-ਕਮ-ਸੈਰੀਕਲਚਰ ਅਫ਼ਸਰ ਮੁਕੇਰੀਆਂ ਡਾ: ਬਲਵਿੰਦਰ ਸਿੰਘ, ਸੇਰੀਕਲਚਰ ਮੈਨੇਜਰ ਅਵਤਾਰ ਸਿੰਘ, ਸਹਾਇਕ ਨੋਡਲ ਅਫਸਰ ਸੇਰੀਕਲਚਰ ਮੀਨੂੰ ਅਤੇ ਬਾਗਬਾਨੀ ਵਿਕਾਸ ਅਫਸਰ ਡਾ ਲਖਬੀਰ ਸਿੰਘ ਸ਼ਾਮਲ ਸਨ।

# ‘ਨਿਸ਼ਾਨ-ਏ-ਇਨਕਲਾਬ’ ਪਲਾਜ਼ਾ ਮੁੱਖ ਮੰਤਰੀ ਨੇ ਲੋਕਾਂ ਨੂੰ ਕੀਤਾ ਸਮਰਪਿਤ

**ਸ਼ਹੀਦ ਭਗਤ ਸਿੰਘ ਦਾ 30 ਫੁੱਟ ਉੱਚਾ ਕਾਂਸੀ ਦਾ ਬੁੱਤ ਨੌਜਵਾਨਾਂ ਨੂੰ ਦੇਸ਼ ਸੇਵਾ ਲਈ ਪ੍ਰੇਰਿਤ ਕਰੇਗਾ**



ਚੰਡੀਗੜ੍ਹ, 4 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ‘ਨਿਸ਼ਾਨ-ਏ-ਇਨਕਲਾਬ’ ਪਲਾਜ਼ਾ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੀਵਨ ਅਤੇ ਫਲਸਫੇ ਦਾ ਪਾਸਾਰ ਕਰ ਕੇ ਨੌਜਵਾਨਾਂ ਨੂੰ ਦੇਸ਼ ਦੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰੇਗਾ।

ਇੱਥੇ ਏਅਰਪੋਰਟ ਰੋਡ 'ਤੇ 5 ਕਰੋੜ ਦੀ ਲਾਗਤ ਵਾਲੇ ‘ਨਿਸ਼ਾਨ-ਏ-ਇਨਕਲਾਬ’ ਪਲਾਜ਼ਾ ਜਿੱਥੇ ਸ਼ਹੀਦ ਭਗਤ ਸਿੰਘ ਦਾ 30 ਫੁੱਟ ਉੱਚਾ ਕਾਂਸੀ ਦਾ ਬੁੱਤ ਸਥਾਪਤ ਹੈ, ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹਾਨ ਸ਼ਹੀਦ ਨੂੰ ਸਿਰਫ਼ ਉਨ੍ਹਾਂ ਦੇ ਸ਼ਹੀਦੀ ਦਿਵਸ (23 ਮਾਰਚ) ਜਾਂ ਜਨਮ ਦਿਨ (28 ਸਤੰਬਰ) 'ਤੇ ਹੀ ਯਾਦ ਨਹੀਂ ਕੀਤਾ ਜਾਣਾ ਚਾਹੀਦਾ, ਸਗੋਂ ਹਰ ਪਲ ਯਾਦ ਕੀਤਾ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਇਹ ਪਲਾਜ਼ਾ ਸਾਡੀਆਂ ਨੌਜਵਾਨ ਪੀੜ੍ਹੀਆਂ ਨੂੰ ਮਹਾਨ ਸ਼ਹੀਦ ਦੇ ਨਕਸ਼ੇ-ਕਦਮਾਂ 'ਤੇ ਚੱਲਣ ਅਤੇ ਦੇਸ਼ ਦੀ ਸੇਵਾ ਕਰਨ ਲਈ ਹਮੇਸ਼ਾ ਪ੍ਰੇਰਿਤ ਕਰੇਗਾ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਹ ਪਲਾਜ਼ਾ ਇਸ ਮਹਾਨ ਸ਼ਹੀਦ ਦੇ ਯੋਗਦਾਨ ਤੋਂ ਜਾਣੂ ਕਰਵਾ ਕੇ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਮੁਸਾਫ਼ਰਾਂ ਲਈ ਚਾਨਣ ਮੁਨਾਰਾ ਸਾਬਤ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਮੋਹਾਲੀ ਹਵਾਈ ਅੱਡੇ ਦਾ ਨਾਂ ਸ਼ਹੀਦ ਭਗਤ ਸਿੰਘ ਦੇ ਨਾਂ 'ਤੇ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚੋਂ ਕਿਸੇ ਨੇ ਵੀ ਇਸ ਹਵਾਈ ਅੱਡੇ ਦਾ ਨਾਂ ਮਹਾਨ ਸ਼ਹੀਦ ਦੇ ਨਾਂ ’ਤੇ ਰੱਖਣ ਦੀ ਖੇਚਲ ਨਹੀਂ ਕੀਤੀ ਪਰ ਅਹੁਦਾ ਸੰਭਾਲਣ ਤੋਂ ਬਾਅਦ ਉਨ੍ਹਾਂ ਦੀ ਸਰਕਾਰ ਨੇ ਇਸ ਨੂੰ ਵੱਧ ਤਰਜੀਹ ਦਿੱਤੀ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਦੇ ਨਾਂ 'ਤੇ ਹਵਾਈ ਅੱਡਿਆਂ, ਯੂਨੀਵਰਸਿਟੀਆਂ ਅਤੇ ਹੋਰ ਅਦਾਰਿਆਂ ਦਾ ਨਾਂ ਰੱਖਣਾ ਉਨ੍ਹਾਂ ਦੀ ਗੌਰਵਮਈ ਵਿਰਾਸਤ ਨੂੰ ਕਾਇਮ ਰੱਖਣ ਲਈ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਮਹਾਨ ਦੇਸ਼ ਭਗਤਾਂ ਦੇ ਸੁਪਨਿਆਂ ਅਨੁਸਾਰ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਯਕੀਨੀ ਬਣਾਉਣਾ ਸੂਬਾ ਸਰਕਾਰ ਦਾ ਫਰਜ਼ ਬਣਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਜਲਦੀ ਹੀ ਦੇਸ਼ ਭਰ ਵਿੱਚ ਮੋਹਰੀ ਸੂਬਾ ਬਣ ਕੇ ਉਭਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸ਼ਹੀਦ ਭਗਤ ਸਿੰਘ ਦੇ ਹਰ ਸੁਪਨੇ ਨੂੰ ਸਾਕਾਰ ਕਰਨ ਅਤੇ ਸਦਭਾਵਨਾ ਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਸੰਗਰਾਮ ਦੇ ਨੌਜਵਾਨ ਨਾਇਕ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਛੋਟੀ ਉਮਰ ਵਿੱਚ ਹੀ ਆਪਣਾ ਬਲੀਦਾਨ ਦੇ ਦਿੱਤਾ ਸੀ। ਭਗਵੰਤ ਸਿੰਘ ਮਾਨ ਨੇ ਅਫਸੋਸ ਜ਼ਾਹਰ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ 70 ਸਾਲਾਂ ਦੌਰਾਨ ਸ਼ਹੀਦ-ਏ-ਆਜ਼ਮ ਭਗਤ ਸਿੰਘ ਵਰਗੇ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਅੱਖੋਂ ਪਰੋਖੇ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ ਨੂੰ ਯਕੀਨੀ ਬਣਾ ਰਹੀ ਹੈ ਕਿ ਸੂਬੇ ਦਾ ਕੋਈ ਵੀ ਨੌਜਵਾਨ ਰੋਜ਼ਗਾਰ ਦੀ ਭਾਲ ਖਾਤਰ ਵਿਦੇਸ਼ ਨਾ ਜਾਵੇ ਤਾਂ ਜੋ ਸ਼ਹੀਦ ਭਗਤ ਸਿੰਘ ਦੇ ਸੁਪਨੇ ਪੂਰੇ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਾਰਦਰਸ਼ੀ ਢੰਗ ਨਾਲ ਨੌਜਵਾਨਾਂ ਨੂੰ 50,000 ਦੇ ਕਰੀਬ ਨੌਕਰੀਆਂ ਦਿੱਤੀਆਂ ਹਨ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਵਤਨ ਵਾਪਸੀ (ਰਿਵਰਸ ਮਾਈਗ੍ਰੇਸ਼ਨ) ਦਾ ਆਗਾਜ਼ ਕਰ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ, “ਜਿਸ ਉਮਰ ਵਿੱਚ ਨੌਜਵਾਨ ਆਪਣੇ ਮਾਪਿਆਂ ਤੋਂ ਤੋਹਫ਼ੇ ਦੀ ਮੰਗਦੇ ਹਨ, ਸ਼ਹੀਦ ਭਗਤ ਸਿੰਘ ਨੇ ਅੰਗਰੇਜ਼ਾਂ ਤੋਂ ਆਪਣੀ ਮਾਤ ਭੂਮੀ ਦੀ ਆਜ਼ਾਦੀ ਦੀ ਮੰਗ ਕੀਤੀ ਸੀ।" ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਪੜ੍ਹੇ-ਲਿਖੇ ਆਗੂ ਸਨ, ਜੋ ਹਮੇਸ਼ਾ ਲੋਕਾਂ ਦੀ ਭਲਾਈ ਲਈ ਚਿੰਤਤ ਰਹਿੰਦੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਦੇ ਸੁਪਨੇ ਅਜੇ ਵੀ ਅਧੂਰੇ ਹਨ ਕਿਉਂਕਿ ਭ੍ਰਿਸ਼ਟਾਚਾਰ, ਭਾਈ-ਭਤੀਜਾਵਾਦ ਅਤੇ ਗਰੀਬੀ ਨੇ ਅਜੇ ਵੀ ਪੈਰ ਪਸਾਰੇ ਹੋਏ ਹਨ। ਉਨ੍ਹਾਂ ਨੇ ਭਾਰਤ ਨੂੰ ਨੰਬਰ ਇਕ ਦੇਸ਼ ਬਣਾਉਣ ਲਈ ਲੋਕਾਂ ਨੂੰ ਜਾਤ-ਪਾਤ, ਫਿਰਕਾਪ੍ਰਸਤੀ ਅਤੇ ਧਰਮ ਦੇ ਭੇਦਭਾਵ ਤੋਂ ਉੱਪਰ ਉੱਠਣ ਦਾ ਸੱਦਾ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸ਼ਹੀਦ ਭਗਤ ਸਿੰਘ ਅਤੇ ਹੋਰ ਆਜ਼ਾਦੀ ਘੁਲਾਟੀਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ, ਜਿਨ੍ਹਾਂ ਨੇ ਮਾਤ ਭੂਮੀ ਦੀ ਖ਼ਾਤਰ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਮਹਾਨ ਕੁਰਬਾਨੀ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਲਈ ਪ੍ਰੇਰਿਤ ਕਰੇਗੀ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਤੋਂ ਇਲਾਵਾ ਭ੍ਰਿਸ਼ਟਾਚਾਰ ਅਤੇ ਗਰੀਬੀ ਮੁਕਤ ਭਾਰਤ ਦਾ ਸੁਪਨਾ ਵੀ ਵੇਖਿਆ ਸੀ। ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਪ੍ਰਣ ਲੈਣ ਲਈ ਪ੍ਰੇਰਿਆ ਕਿ ਉਹ ਸ਼ਹੀਦ ਭਗਤ ਸਿੰਘ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਸੂਬੇ ਦੀ ਸੇਵਾ ਕਰਨਗੇ।


ੴ ਸ਼ਹੀਦੀ ਸਮਾਗਮ ੴ

ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਸੰਗਤਾ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ, ਮਾਲਟਨ ਗੁਰੂਘਰ।

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ ’ਤੇ ਪਹੁੰਚਣ ਤੇ ਉਹਨਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਤੇ ਸਭਾ ਵਿੱਚ ਸ਼ਹੀਦ ਹੋਏ ਸਾਰੇ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਮਿਤੀ 23 ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ 25 ਦਸੰਬਰ ਨੂੰ ਮੇਨ ਹਾਲ ਵਿੱਚ ਪਾਏ ਜਾਣਗੇ। ਕਿਰਪਾ ਕਰਕੇ ਸਭ ਸੰਗਤ ਤਿੰਨ ਦਿਨ ਗੁਰੂ ਘਰ ਵਿਖੇ ਹੁੰਮ ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ ।

ਹੋਰ ਜਾਣਕਾਰੀ ਲਈ ਸੰਪਰਕ ਕਰੋ ਜੀ - ਗੁਰਪ੍ਰੀਤ ਸਿੰਘ ਉਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ 647-207-1887, ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991

The Mortgage Centre
We work for you, not the lenders.




Debt Consolidation

Renovations & Repairs

Avoiding High penalities

if you are looking for independent mortgage or protection advice....

We're here to help.

* Competitive rates
* Flexible terms
* Fast approval process

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon

visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

URGENTLY NEED NEW LISTINGS IN THIS AREA

RECENTLY LISTED/SOLD IN YOUR NEIGHBOURHOOD BY JAG AUJLA

NEW Listing in *BRAMPTON*
Hwy 10/Sandalwood/Braidwood



50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੌਜਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੌਪ, 64"Built-in Fridge, Extra furnance, Heated Garage, Sec camera, storage in backyard.

Listed in *BRAMPTON*
Bovaird/Mclaughlin/Fletchers Creek Blvd



2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੌਜਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡੀਡ।

Listed in *MISSISSAUGA*
Burnhamthorpe/Confederation



900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੇਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

NEW Listing in *BRAMPTON*
Chinguacousy/Williams Pkwy/Bovaird



ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੌਜਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in *BRAMPTON*
Bramalea/Queen St/Hwy 7



1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮੀਕ ਫਲੋਰ, No ਕਾਰਪੇਟ। Huge ਕੀੱਚਨ, ਮਾਸਟਰ ਬੈਡਰੂਮ with 2-ਪੀਸ ਇਨਸੂਇਟ ਅਤੇ ਖੁੱਲੀ ਕਲੌਜਿਟ, Walking distance to Bramalea City Centre & more.

SOLD in *BRAMPTON*
Clarkway/Cottrelle/Hwy 50



2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੇਂਟ, 9 ਫੁੱਟ ਸੀਲਿੰਗ, Quartz ਕਾਊਂਟਰਟੌਪ, 5-ਪੀਸ ਇਨਸੂਇਟ ਅਤੇ His & Her ਕਲੌਜਿਟ, Laundary on ਮੇਨ ਫਲੋਰ ਅਤੇ ਬੇਸਮੇਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰੋਸਰੀ ਸਟੋਰ, Shoppers, Pizza Pizza & more.

FREE

- ✓ Full MLS Services
- ✓ Consistently Marketing Your Property Until SOLD
- ✓ Competitive Rates, Exceptional Service & Award Winning Results
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
"(Based on units sold & commissions)" *Some Conditions Apply

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com